ਰੋਜ਼ਾਨਾ ਲੋਕ ਬਾਣੀ
ਨੂੰ ਪੱਤਰਕਾਰਾਂ ਦੀ ਲੋੜ
99155-94111

ਸੱਚ ਤੇ ਨਿਡਰ ਆਵਾਜ਼
ਰੋਜ਼ਾਨਾ
# ਲੋਕ ਬਾਣੀ
DAILY LOKBANI JALANDHAR
ਮੁੱਖ ਸੰਪਾਦਕ : ਅਮਨਦੀਪ ਮਹਿਰਾ
ਸ਼ੁੱਕਰਵਾਰ, 20 ਸਤੰਬਰ 2024
Email:- lokbani08@gmail.com

ਅੱਜ ਦਾ ਸ਼ੁਭ ਵਿਚਾਰ



ਜ਼ਿੰਦਗੀ ਨੂੰ ਬਦਲਣ ਲਈ ਵਕਤ ਨਹੀ ਲੱਗਦਾ ਪਰ ਵਕਤ ਨੂੰ ਬਦਲਣ ਲਈ ਜ਼ਿੰਦਗੀ ਲੱਗ ਜਾਂਦੀ ਹੈ


ਕਿਮੀ ਅਰੋੜਾ
ਰੋਜ਼ਾਨਾ ਲੋਕ ਬਾਣੀ
www.lokbani.com

R. N. I. Punpun/29016/2008 ✶ ਸਾਲ 16 , ✶ ਅੰਕ : 102, ✶ ਮੁੱਲ : 6 ਰੁਪਏ ✶ ਕੁੱਲ ਪੇਜ: 10 ✶ ਦਫਤਰ : 0181-2211009 ✶ M : 99155-94111

DIPS IMT
DIPS INSTITUTE OF MANAGEMENT & TECHNOLOGY
RAMNEEK AVENUE, PATHANKOT BYE PASS JALANDHAR CITY
www.dipsimt@gmail.com ( dipsimt@gmail.com )
CONTACT : 95010-00697, 97806-00998

## ਲਿਬਨਾਨ ਚ ਹੋਏ ਧਮਾਕਿਆਂ ਵਿਚ 20 ਦੀ ਮੌਤ ਕਈ ਜ਼ਖ਼ਮੀ

**ਬੈਰੁਤ, ਲੋਕ ਬਾਣੀ-** ਲਿਬਨਾਨ ਵਿੱਚ ਹਮਲੇ ਲਈ ਵਾਕੀ-ਟਾਕੀਜ਼ ਅਤੇ ਪੇਜਰਾਂ ਸਮੇਤ ਸੰਚਾਰ ਯੰਤਰਾਂ ਨੂੰ ਨਿਸ਼ਾਨਾ ਬਣਾਇਆ ਗਿਆ ਹੈ, ਜਿਸ ਦੇ ਤਬਾਹਕੁਨ ਨਤੀਜੇ ਨਿਕਲ ਕੇ ਸਾਹਮਣੇ ਆਏ ਹਨ। 'ਅਲ ਜ਼ਜ਼ੀਰਾ' ਦੀ ਇੱਕ ਰਿਪੋਰਟ ਦੇ ਅਨੁਸਾਰ ਅਧਿਕਾਰੀਆਂ ਨੇ ਕਿਹਾ ਕਿ ਤਾਜ਼ਾ ਹਮਲਿਆਂ ਵਿੱਚ ਘੱਟੋ ਘੱਟ 20 ਲੋਕਾਂ ਦੀ ਮੌਤ ਹੋ ਗਈ ਅਤੇ 450 ਤੋਂ ਵੱਧ ਲੋਕ ਜ਼ਖ਼ਮੀ ਹੋ ਗਏ ਹਨ। ਇਹ ਤਾਜ਼ਾ ਹਮਲਾ ਲਿਬਨਾਨ ਵਿੱਚ ਪੇਜਰਾਂ ਵਿਚ ਇਕੋ ਵੇਲੇ ਕੀਤੇ ਗਏ ਧਮਾਕਿਆਂ ਵਿੱਚ



12 ਲੋਕਾਂ ਦੇ ਮਾਰੇ ਜਾਣ ਅਤੇ 2,800 ਤੋਂ ਵੱਧ ਹੋਰਨਾਂ ਜ਼ਖ਼ਮੀ ਹੋਣ ਦੇ ਇੱਕ ਦਿਨ ਬਾਅਦ ਹੋਇਆ ਹੈ।

## ਤਿੰਨ ਨਕਸਲੀਆਂ ਨੇ ਛੱਤੀਸਗੜ੍ਹ ਵਿਚ ਕੀਤਾ ਆਤਮ-ਸਮਰਪਣ

**ਛੱਤੀਸਗੜ੍ਹ, ਲੋਕ ਬਾਣੀ-** ਛੱਤੀਸਗੜ੍ਹ ਦੇ ਸੁਕਮਾ ਜ਼ਿਲ੍ਹੇ ਵਿਚ ਵੀਰਵਾਰ ਨੂੰ ਤਿੰਨ ਨਕਸਲੀਆਂ ਨੇ ਆਤਮ ਸਮਰਪਣ ਕਰ ਦਿੱਤਾ, ਜਿਨ੍ਹਾਂ ਵਿਚੋਂ 2 ਉਤੇ ਦੋ ਲੱਖ ਰੁਪਏ ਦਾ ਇਨਾਮ ਰੱਖਿਆ ਹੋਇਆ ਸੀ। ਤਿੰਨਾਂ ਦੀ ਪਛਾਣ ਮਾਦਵੀ ਭੀਮਾ (52), ਮਾਡਕਾਮ ਹਿਦਮਾ ਉਰਫ ਸਾਈ ਡੋਂਗਾ (33) ਅਤੇ ਔਰਤ ਅਲਟਰਾ ਪਦਮ ਅਯਾਤੇ (24) ਵਜੋਂ ਹੋਈ ਹੈ। ਭੀਮਾ ਗ਼ੈਰ-ਕਾਨੂੰਨੀ ਮਾਓਵਾਦੀ ਸੰਗਠਨ ਦਾ ਨੀਲਮਦਗੂ ਆਰ.ਪੀ.ਸੀ. ਡੀ.ਏ. ਕੇ.ਐਮ.ਐਸ. ਦਾ ਪ੍ਰਧਾਨ ਸੀ ਅਤੇ



ਉਸ ਦੇ ਸਿਰ ਤੇ 1 ਲੱਖ ਰੁਪਏ ਦਾ ਇਨਾਮ ਸੀ। ਉਹ ਰਾਜ ਸਰਕਾਰ ਦੀ ਨਕਸਲੀ ਖਾਤਮੇ ਦੀ ਨੀਤੀ ਅਤੇ ਭਲਾਈ ਸਕੀਮਾਂ ਤੋਂ ਵੀ ਪ੍ਰਭਾਵਿਤ ਹੋਏ।

## ਜੀਪ ਡਿੱਗੀ ਖੱਡ ਵਿਚ ਤਿੰਨ ਦੀ ਹੋਈ ਮੌਤ ਪ੍ਰਸ਼ਾਸਨ ਮੋਕੇ ਤੇ ਪਹੁੰਚਿਆ

**ਉਤਰਾਖੰਡ, ਲੋਕ ਬਾਣੀ --** ਇਸ ਵੇਲੇ ਦੀ ਦੁਖਦ ਖਬਰ ਉਤਰਾਖੰਡ ਤੋਂ ਆ ਰਹੀ ਹੈ ਜਿਥੇ ਟਿਹਰੀ ਜ਼ਿਲੇ ਦੇ ਕੀਰਤੀਨਗਰ ਇਲਾਕੇ ਚ ਬੁੱਧਵਾਰ ਨੂੰ ਇਕ ਜੀਪ ਦੇ ਡੂੰਘੀ ਖੱਡ ਚ ਡਿੱਗਣ ਨਾਲ ਤਿੰਨ ਲੋਕਾਂ ਦੀ ਮੌਤ ਹੋ ਗਈ ਅਤੇ ਇਕ ਹੋਰ ਵਿਅਕਤੀ ਗੰਭੀਰ ਰੂਪ ਚ ਜ਼ਖਮੀ ਹੋ ਗਿਆ। ਪੁਲਸ ਨੇ ਇਹ ਜਾਣਕਾਰੀ ਦਿੱਤੀ। ਕੀਰਤੀਨਗਰ ਥਾਣਾ ਇੰਚਾਰਜ ਦੇਵਰਾਜ ਸ਼ਰਮਾ ਨੇ ਇੱਥੇ ਦੱਸਿਆ ਕਿ ਇਹ




ਹਾਦਸਾ ਦੇਰ ਸ਼ਾਮ ਮਾਈਖੰਡੀ-ਤਲਿਆਮੰਡਲ ਮੋਟਰਵੇਅ ਤੇ ਵਾਪਰਿਆ ਜਿੱਥੇ ਜੀਪ ਅਚਾਨਕ ਕੰਟਰੋਲ ਤੋਂ ਬਾਹਰ ਹੋ ਗਈ ਅਤੇ ਸੜਕ ਤੋਂ ਕਰੀਬ 70 ਮੀਟਰ ਹੇਠਾਂ ਡੂੰਘੀ ਖਾਈ ਚ ਜਾ ਡਿੱਗੀ

## ਏਜੰਟ ਦੇ ਦਫ਼ਤਰ ਬਾਹਰ ਫਿਰੋਤੀ ਮੰਗਣ ਆਏ ਲੁਟੇਰੇ ਗੋਲੀਆਂ ਚੱਲਾਂ ਹੋਏ ਫ਼ਰਾਰ

**ਮੋਹਾਲੀ, ਲੋਕ ਬਾਣੀ-**ਸਰਕਾਰੀ ਕਾਲਜ ਨੂੰ ਜਾਂਦੀ ਸੜਕ 'ਤੇ ਥਾਣੇ ਦੇ ਪਿਛਲੇ ਪਾਸੇ ਇਮੀਗ੍ਰੇਸ਼ਨ ਸਰਵਿਸ ਐਜੂਕੇਸ਼ਨ ਪੁਆਇੰਟ ਦੇ ਮਾਲਕ ਨੂੰ ਫਿਰੌਤੀ ਵਾਲੀ ਚਿੱਠੀ ਦੇਣ ਆਏ ਦੋ ਨਕਾਬਪੋਸ਼ 4-5 ਗੋਲੀਆਂ ਚਲਾ ਕੇ ਫ਼ਰਾਰ ਹੋ ਗਏ। ਉਕਤ ਨੌਜਵਾਨਾਂ ਨੇ ਪਹਿਲਾਂ ਕਾਊਂਟਰ 'ਤੇ ਬੈਠੀ ਲੜਕੀ ਨੂੰ ਫਿਰੌਤੀ ਵਾਲੀ ਚਿੱਠੀ ਦਿੱਤੀ, ਫ਼ਿਰ ਸੀਸ਼ੇ 'ਤੇ ਗੋਲੀਆਂ ਚਲਾ ਕੇ ਫ਼ਰਾਰ ਹੋ ਗਏ। ਗੋਲੀਆਂ ਚਲਾਉਣ ਵਾਲੇ ਮੋਟਰ ਸਾਈਕਲ 'ਤੇ ਸਵਾਰ



ਹੋ ਕੇ ਆਏ ਸਨ। ਸੀ. ਸੀ. ਟੀ.ਵੀ. ਵਿਚ ਵਾਰਦਾਤ ਕੈਦ ਹੋ ਗਈ ਹੈ। ਸੂਚਨਾ ਮਿਲਣ 'ਤੇ ਐਸ. ਐਸ. ਪੀ. ਮੋਹਾਲੀ ਵੀ ਮੌਕੇ 'ਤੇ ਪਹੁੰਚ ਚੁੱਕੇ ਹਨ। ਜਾਣਕਾਰੀ ਅਨੁਸਾਰ ਇਸ ਵਿਚ ਕੋਈ ਜਾਨੀ ਨੁਕਸਾਨ ਨਹੀਂ ਹੋਇਆ।

## ਸੂਬੇ ਵਿਚ ਸਵਾਈਨ ਫਲੂ ਦੇ ਤੇਜ਼ੀ ਨਾਲ ਵਧ ਰਹੇ ਹਨ ਕੇਸ

**ਲੁਧਿਆਣਾ, ਸੁਖਚੈਨ ਮਹਿਰਾ** --ਪੰਜਾਬ ਵਿੱਚ ਤੇਜ਼ੀ ਨਾਲ ਫੈਲ ਰਿਹਾ ਹੈ ਤੇ ਸਵਾਈਨ ਫਲੂ ਨੇ ਸੂਬੇ ਅੰਦਰ ਦਸਤਕ ਦੇ ਦਿੱਤੀ ਹੈ। ਲੁਧਿਆਣਾ ਜ਼ਿਲ੍ਹੇ ਵਿਚ ਸਵਾਈਨ ਫਲੂ ਦੇ ਪਾਜ਼ੇਟਿਵ ਕੇਸ ਪਾਏ ਗਏ ਹਨ। ਉਨ੍ਹਾਂ ਇਸ ਬੀਮਾਰੀ ਤੋਂ ਬਚਾਅ ਸਬੰਧੀ ਜ਼ਿਲ੍ਹੇ ਦੇ ਸਾਰੇ ਹਸਪਤਾਲਾਂ ਵਿਚ ਉਚੇਚੇ ਪ੍ਰਬੰਧ ਕਰਨ ਦੀ ਹਦਾਇਤ ਕੀਤੀ। ਸਿਵਲ ਸਰਜਨ ਨੇ ਕਿਹਾ ਕਿ ਸਵਾਈਨ ਫਲੂ ਤੋਂ ਡਰਨ ਦੀ ਲੋੜ ਨਹੀਂ ਸਗੋਂ ਇਸ ਤੋਂ ਬਚਣ, ਤੁਰੰਤ ਇਲਾਜ ਦੇ ਉਪਰਾਲੇ ਕਰਨ



ਅਤੇ ਲੋੜੀਂਦੀਆਂ ਸਾਵਧਾਨੀਆਂ ਵਰਤਣ ਦੀ ਲੋੜ ਹੈ। ਉਨ੍ਹਾਂ ਦੱਸਿਆ ਕਿ ਸਵਾਈਨ ਫਲੂ ਐੱਚ-1, ਐੱਨ-1 ਦੇ ਵਿਸ਼ੇਸ਼ ਵਿਸ਼ਾਣੂ ਰਾਹੀਂ ਹੁੰਦਾ ਹੈ, ਜੋ ਕਿ ਇਕ ਤੋਂ ਦੂਜੇ ਮਨੁੱਖ 'ਚ ਸਾਹ ਰਾਹੀਂ ਫੈਲਦਾ ਹੈ।

## 21 ਸਤੰਬਰ ਤੱਕ ਸਕੂਲ ਕਾਲਜ ਕੀਤੇ ਗਏ ਬੰਦ

**ਪਟਨਾ , ਲੋਕ ਬਾਣੀ-** ਬਿਹਾਰ ਦੀ ਰਾਜਧਾਨੀ ਪਟਨਾ ਚ ਕਈ ਥਾਵਾਂ ਤੇ ਗੰਗਾ ਨਦੀ ਦੇ ਪਾਣੀ ਦਾ ਪੱਧਰ ਖਤਰੇ ਦੇ ਨਿਸ਼ਾਨ ਨੂੰ ਪਾਰ ਕਰ ਜਾਣ ਕਾਰਨ ਜ਼ਿਲਾ ਪ੍ਰਸ਼ਾਸਨ ਨੇ ਪੇਂਡੂ ਖੇਤਰਾਂ ਦੇ 76 ਸਰਕਾਰੀ ਸਕੂਲਾਂ ਨੂੰ 21 ਸਤੰਬਰ ਤੱਕ ਬੰਦ ਕਰਨ ਦੇ ਹੁਕਮ ਦਿੱਤੇ ਹਨ। ਇਕ ਅਧਿਕਾਰੀ ਨੇ ਇਹ ਜਾਣਕਾਰੀ ਦਿੱਤੀ।ਪਟਨਾ ਦੇ ਜ਼ਿਲ੍ਹਾ ਮੈਜਿਸਟਰੇਟ ਚੰਦਰਸ਼ੇਖਰ ਸਿੰਘ ਵੱਲੋਂ ਜਾਰੀ ਬਿਆਨ




ਅਨੁਸਾਰ ਗੰਗਾ ਨਦੀ ਦੇ ਵਧਦੇ ਪਾਣੀ ਦੇ ਪੱਧਰ ਦੇ ਮੱਦੇਨਜ਼ਰ ਪਟਨਾ ਜ਼ਿਲ੍ਹੇ ਦੇ ਅੱਠ ਬਲਾਕਾਂ ਵਿੱਚ ਕੁੱਲ 76 ਸਰਕਾਰੀ ਸਕੂਲ 21 ਸਤੰਬਰ ਤੱਕ ਬੰਦ ਰਹਿਣਗੇ।

## ਪੰਜਾਬ ਵਿੱਚ ਪੰਚਾਇਤੀ ਚੋਣਾਂ 20 ਅਕਤੂਬਰ ਨੂੰ ਨੋਟੀਫਿਕੇਸ਼ਨ ਦਾ ਐਲਾਨ



**ਜਲੰਧਰ, ਬਿੱਟੂ ਫੋਲੜੀਵਾਲ** --ਪੰਜਾਬ ਸਰਕਾਰ ਵੱਲੋਂ ਪੰਚਾਇਤੀ ਚੋਣਾਂ ਨੂੰ ਲੈ ਕੇ ਨੋਟੀਫਿਕੇਸ਼ਨ ਦਾ ਐਲਾਨ ਕਰ ਦਿਤਾ ਗਿਆ ਹੈ। ਸੂਬਾ ਸਰਕਾਰ ਨੇ ਸਟੇਟ ਇਲੈਕਸ਼ਨ ਕਮਿਸ਼ਨ ਨੂੰ 20 ਅਕਤੂਬਰ ਤੱਕ ਚੋਣਾਂ ਕਰਵਾਉਣ ਲਈ ਕਿਹਾ ਹੈ।ਤੇ ਪਿੰਡਾਂ ਵਿਚ ਚੋਣ ਅਖਾੜੇ ਭੱਖ ਚੁੱਕੇ ਹਨ

## ਟੋਲ ਪਲਾਜ਼ਾ ਵਾਲਿਆਂ ਨੂੰ ਸਿਖਾਇਆ ਸਬਕ ਫਰੀ ਕੀਤਾ ਟੋਲ

**ਅੰਮ੍ਰਿਤਸਰ, ਲੋਕ ਬਾਣੀ--**ਸਰਕਾਰ ਵਲੋਂ ਕਿਸਾਨਾਂ ਨੂੰ ਪਰਾਲੀ ਲੈ ਕੇ ਜਾਣ ਸਮੇਂ ਟੋਲ ਪਲਾਜ਼ਾ ਤੋਂ ਛੋਟ ਦੇਣ ਦੇ ਬਾਵਜੂਦ ਵੀ ਟੋਲ ਪਲਾਜ਼ਾ ਨਿੱਜਰਪੁਰਾ ਉਤੇ ਪਰਾਲੀ ਦੀ ਟਰਾਲੀ ਲੈ ਕੇ ਜਾ ਰਹੇ ਇਕ ਕਿਸਾਨ ਨੂੰ ਟੋਲ ਵਾਲਿਆਂ ਵਲੋਂ ਰੋਕ ਕੇ ਉਸ ਦੀ ਜਬਰੀ ਪਰਚੀ ਕੱਟਣ ਉਤੇ ਵਿਵਾਦ ਹੋ ਗਿਆ ਅਤੇ ਕਿਸਾਨ ਸੰਘਰਸ਼ ਕਮੇਟੀ ਨੂੰ ਪਤਾ ਲੱਗਣ



ਉਤੇ ਤੁਰੰਤ ਹੀ ਕਿਸਾਨ ਉਥੇ ਪਹੁੰਚੇ ਅਤੇ ਇਕ ਘੰਟੇ ਦੇ ਲਗਭਗ ਟੋਲ ਫ੍ਰੀ ਕਰਵਾਇਆ ਅਤੇ ਟੋਲ ਪਲਾਜ਼ਾ ਮੁਲਾਜ਼ਮ ਵਲੋਂ ਮੁਆਫੀ ਮੰਗਣ ਉਤੇ ਟੋਲ ਪਲਾਜ਼ਾ ਚਾਲੂ ਹੋਇਆ।

## ਨਵੀਂ ਵਿਆਹੀ ਵਹੁਟੀ ਦਾ ਹੋਇਆ ਕਤਲ

**ਬਰਨਾਲਾ, ਲੋਕ ਬਾਣੀ-**ਬਰਨਾਲਾ ਜ਼ਿਲ੍ਹੇ ਦੇ ਪਿੰਡ ਨਰੈਣਗੜ੍ਹ ਸੋਹੀਆਂ ਵਿਖੇ ਵਿਆਹ ਦੇ 20 ਦਿਨਾਂ ਬਾਅਦ ਹੀ ਪਤੀ ਵਲੋਂ ਪਤਨੀ ਦਾ ਕਤਲ ਕਰ ਦਿੱਤਾ ਗਿਆ। ਮੁਲਜ਼ਮ ਨੇ ਮ੍ਰਿਤਕਾ ਦੀ ਗਰਦਨ 'ਤੇ ਕਿਸੇ ਤੇਜ਼ਧਾਰ ਹਥਿਆਰ ਨਾਲ ਵਾਰ ਕਰਕੇ ਵਾਰਦਾਤ ਨੂੰ ਅੰਜਾਮ ਦਿੱਤਾ ਹੈ।ਮ੍ਰਿਤਕਾ ਜਸਪ੍ਰੀਤ ਕੌਰ ਦੇ ਪਿਤਾ ਅਜਮੇਰ ਸਿੰਘ ਅਤੇ ਭਰਾ ਅੰਮ੍ਰਿਤਪਾਲ ਸਿੰਘ ਨੇ ਦੱਸਿਆ ਕਿ ਅਜੇ ਪਿਛਲੇ ਮਹੀਨੇ ਹੀ ਉਨ੍ਹਾਂ ਦੀ ਲੜਕੀ ਜਸਪ੍ਰੀਤ ਕੌਰ (19) ਦਾ ਵਿਆਹ ਹਰਮਨਪ੍ਰੀਤ



ਸਿੰਘ ਨਾਲ ਹੋਇਆ ਸੀ, ਜਿਸਨੇ ਬੀਤੀ ਰਾਤ ਉਨ੍ਹਾਂ ਦੀ ਧੀ ਦਾ ਕਤਲ ਕਰ ਦਿੱਤਾ। ਉਨ੍ਹਾਂ ਦੱਸਿਆ ਕਿ ਮ੍ਰਿਤਕਾ ਦਾ ਕੈਨੇਡਾ ਦਾ ਵੀਜ਼ਾ ਆਇਆ ਹੋਇਆ ਸੀ

## ਇਕ ਹੋਰ ਦੇਸ਼ ਦਾ ਫੋਜ਼ੀ ਸ਼ੇਰ ਹੋਇਆ ਸ਼ਹੀਦ


**ਨੂਰਪੁਰ ਬੇਦੀ, ਲੋਕ ਬਾਣੀ--**ਜੰਮੂ-ਕਸ਼ਮੀਰ ਦੇ ਰਾਜੌਰੀ ਜ਼ਿਲੇ 'ਚ ਸ਼ਹੀਦ ਹੋਏ ਪਿੰਡ ਝੱਜ ਦੇ ਲਾਂਸ ਨਾਇਕ ਬਲਜੀਤ ਸਿੰਘ ਦਾ ਅੱਜ ਪਿੰਡ ਦੇ ਸਮਸ਼ਾਨਘਾਟ ਵਿਖੇ ਸਰਕਾਰੀ ਸਨਮਾਨਾਂ ਨਾਲ ਅੰਤਿਮ ਸੰਸਕਾਰ ਕਰ ਦਿੱਤਾ ਗਿਆ। ਲਾਂਸ ਨਾਇਕ ਬਲਜੀਤ ਸਿੰਘ (29 ਸਾਲ) ਪੁੱਤਰ ਸੰਤੋਖ ਸਿੰਘ, ਜੋ ਭਾਰਤੀ ਫੌਜ ਦੀ 57 ਇੰਜੀਨੀਅਰ ਰੈਜੀਮੈਂਟ ਦੀ 2 ਪੈਰਾ ਸਪੈਸ਼ਲ ਫੋਰਸ 'ਚ ਤਾਇਨਾਤ ਸੀ, ਮੰਗਲਵਾਰ ਨੂੰ ਉਸ ਸਮੇਂ ਡਿਊਟੀ ਦੌਰਾਨ ਸ਼ਹੀਦ ਹੋ ਗਿਆ ਸੀ ਜਦੋਂ ਦੁਸ਼ਮਣਾਂ ਦਾ ਸਾਹਮਣਾ ਕਰਦੇ ਸਮੇਂ ਫੌਜ ਦੀ ਅਰਮਦਾ



ਗੱਡੀ ਮਨਜਾਕੋਟੇ ਖੇਤਰ 'ਚ 200 ਫੁੱਟ ਗਹਿਰੀ ਖਾਈ 'ਚ ਡਿੱਗ ਗਈ।

ਪੱਤਰਕਾਰਾਂ ਲਈ ਸੁਨਹਿਰਾ ਮੌਕਾ
ਪੰਜਾਬ ਦੇ ਹਰ ਜਿਲੇ ਤੋਂ ਰੋਜਾਨਾ ਲੋਕ ਬਾਣੀ ਅਖਬਾਰ ਲਈ ਪੱਤਰਕਾਰਾਂ ਦੀ ਲੋੜ ਹੈ। ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫ਼ਤਰ
ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਕ ਜਲੰਧਰ 99155-94111

# ਸੌਤੇਲੇ ਪਿਓ ਨੇ ਹੀ ਪੁੱਤ ਦੀ ਗਲਾ ਘੁੱਟ ਕੇ ਕੀਤੀ ਹੱਤਿਆ, ਪੁਲਿਸ ਨੇ ਕੀਤਾ ਗਿ੍ਫ਼ਤਾਰ




(ਲੋਕ ਬਾਣੀ) ਸਰਦੂਲਗੜ੍ਹ ਵਿੱਚ ਮਤਰੇਏ ਪਿਤਾ ਨੇ ਆਪਣੇ 11 ਸਾਲਾ ਪੁੱਤਰ ਦਾ ਗਲਾ ਘੁੱਟ ਕੇ ਕਤਲ ਕਰ ਦਿੱਤਾ। ਡੀਐਸਪੀ ਸਰਦੂਲਗੜ੍ਹ ਮਨਜੀਤ ਸਿੰਘ ਨੇ ਦੱਸਿਆ ਕਿ ਮ੍ਰਿਤਕ ਬੱਚੇ ਅਕਾਸ਼ਦੀਪ ਸਿੰਘ ਦੇ ਮਾਮਾ ਵਕੀਲ ਸਿੰਘ ਨੇ ਪੁਲੀਸ ਨੂੰ ਦੱਸਿਆ ਕਿ ਉਸ ਦਾ ਭਤੀਜਾ ਸਕੂਲ ਤੋਂ ਘਰ ਨਹੀਂ ਆਇਆ। ਜਦੋਂ ਉਸ ਨੇ ਦੇਖਿਆ ਤਾਂ ਜੀਜੇ ਨੇ ਕੱਪੜੇ ਨਾਲ ਬੱਚੇ ਦਾ ਗਲਾ ਘੁੱਟ ਕੇ ਕਤਲ ਕਰ ਦਿੱਤਾ। ਜਿਸ ਦੀ ਸੂਚਨਾ ਉਸ ਨੇ ਤੁਰੰਤ ਪੁਲਸ ਨੂੰ ਦਿੱਤੀ। ਜਿਸ ਤੋਂ ਬਾਅਦ ਪੁਲਸ ਨੇ ਬੱਚੇ ਦਾ ਕਤਲ ਕਰਨ ਵਾਲੇ ਦੋਸ਼ੀ ਪਿਤਾ ਗੁਰਪ੍ਰੀਤ ਸਿੰਘ ਨੂੰ ਗ੍ਰਿਫਤਾਰ ਕਰ ਲਿਆ। ਮ੍ਰਿਤਕ ਬੱਚੇ ਅਕਾਸ਼ਦੀਪ ਦੇ ਨਾਨੇ ਨੇ ਦੱਸਿਆ ਕਿ ਉਸ ਦੀ ਲੜਕੀ ਦਾ ਦੂਜਾ ਵਿਆਹ ਗੁਰਪ੍ਰੀਤ ਸਿੰਘ ਨਾਲ ਹੋਇਆ ਸੀ। ਜਿੱਥੇ ਉਹ ਆਪਣੇ ਦੋ ਪੁੱਤਰਾਂ ਅਤੇ ਧੀ ਸਮੇਤ ਰਹਿ ਰਹੀ ਸੀ।

ਪਰ ਕੁਝ ਸਮੇਂ ਬਾਅਦ ਉਸ ਦੇ ਘਰ ਇਕ ਹੋਰ ਪੁੱਤਰ ਨੇ ਜਨਮ ਲਿਆ, ਜਿਸ ਕਾਰਨ ਗੁਰਪ੍ਰੀਤ ਸਿੰਘ ਨੇ ਆਪਣੀ ਪਤਨੀ ਅਤੇ ਵਿਆਹ ਤੋਂ ਪਹਿਲਾਂ ਆਪਣੇ ਨਾਲ ਲਿਆਏ ਦੋ ਬੱਚਿਆਂ ਨੂੰ ਘਰੋਂ ਬਾਹਰ ਸੁੱਟ ਦਿੱਤਾ। ਜੋ ਆਪਣੇ ਨਾਨਕੇ ਘਰ ਰਹਿਣ ਲੱਗ ਪਏ ਸੀ। ਗੁਰਪ੍ਰੀਤ ਸਿੰਘ ਵੀ ਇਸੇ ਮੁਹੱਲੇ ਵਿੱਚ ਰਹਿੰਦਾ ਸੀ, ਜਿਸ ਕਾਰਨ ਉਸ ਨੇ ਸਕੂਲ ਜਾਂਦੇ ਸਮੇਂ ਅਕਾਸ਼ਦੀਪ ਨੂੰ ਆਪਣੇ ਘਰ ਬੁਲਾ ਕੇ ਉਸ ਦਾ ਕਤਲ ਕਰ ਦਿੱਤਾ।

# ਜਲੰਧਰ ਪੁਲਿਸ ਨੇ ਕੀਤੀ ਵੱਡੀ ਕਾਰਵਾਈ, ਟ੍ਰੈਫਿਕ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਦਾ ਕੀਤੇ ਚਲਾਨ



(ਲੋਕ ਬਾਣੀ) ਜਲੰਧਰ ਦੇ ਸੀਪੀ ਸਵਪਨ ਸ਼ਰਮਾ ਦੀ ਟੀਮ ਨੇ ਵੱਡੀ ਕਾਰਵਾਈ ਕਰਦਿਆਂ ਟ੍ਰੈਫਿਕ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਦੇ ਚਲਾਨ ਕੱਟੇ ਹਨ। ਕਮਿਸ਼ਨਰੇਟ ਪੁਲਿਸ ਜਲੰਧਰ ਨੇ ਕਾਲੀ ਸ਼ੀਸ਼ੇ ਅਤੇ ਗੈਰ-ਕਾਨੂੰਨੀ ਹੂਟਰਾਂ ਵਾਲੇ ਵਾਹਨਾਂ ਤੇ ਧਿਆਨ ਕੇਂਦਰਿਤ ਕਰਦਿਆਂ ਟ੍ਰੈਫਿਕ ਉਲੰਘਣਾਵਾਂ ਵਿਰੁੱਧ ਵਿਸ਼ੇਸ਼ ਮੁਹਿੰਮ ਚਲਾਈ ਹੈ। ਬੀਤੀ ਕੱਲ੍ਹ ਬੁੱਧਵਾਰ ਨੂੰ ਸ਼ਾਮ 6:00 ਵਜੇ ਤੋਂ ਰਾਤ 10:00 ਵਜੇ ਤੱਕ ਇਸ ਆਪਰੇਸ਼ਨ ਦੀ ਨਿਗਰਾਨੀ ਹਰਜਿੰਦਰ ਸਿੰਘ, ਪੀਪੀਐਸ, ਏਸੀਪੀ ਮਾਡਲ ਟਾਊਨ, ਜਲੰਧਰ ਨੇ ਕੀਤੀ।

ਇਸ ਪਹਿਲ ਕਦਮੀ ਤਹਿਤ ਮੰਬਰੂ ਚੌਕ ਅਤੇ ਮਾਡਲ ਟਾਊਨ ਮਾਰਕੀਟ, ਜਲੰਧਰ ਵਿਖੇ ਨਾਕਾਬੰਦੀ ਅਤੇ ਵਾਹਨਾਂ ਦੀ ਚੈਕਿੰਗ ਕੀਤੀ ਗਈ ਤਾਂ ਜੋ ਟ੍ਰੈਫਿਕ ਨਿਯਮਾਂ ਦੀ ਉਲੰਘਣਾ ਕਰਨ ਵਾਲੇ ਵਾਹਨਾਂ ਦੀ ਪਛਾਣ ਕੀਤੀ ਜਾ ਸਕੇ, ਜਿਸ ਦੇ ਤੁਰੰਤ ਚਲਾਨ ਕੱਟੇ ਗਏ। ਇਹ ਕਾਰਵਾਈ ਥਾਣਾ ਡਵੀਜ਼ਨ ਨੰਬਰ 6 ਦੇ ਐਸਐਚਓ ਨੇ ਕਮਿਸ਼ਨਰੇਟ ਪੁਲਿਸ, ਜਲੰਧਰ ਦੀ ਐਮਰਜੈਂਸੀ ਰਿਸਪਾਂਸ ਸਿਸਟਮ (ਈਆਰਐਸ) ਟੀਮ ਦੇ ਸਹਿਯੋਗ ਨਾਲ ਕੀਤੀ।ਇਸ ਦੌਰਾਨ ਪੁਲਿਸ ਨੇ 12 ਵਾਹਨਾਂ ਦੇ ਚਲਾਨ ਕੀਤੇ ਗਏ, ਜਿਨ੍ਹਾਂ ਚੋਂ 8 ਵਾਹਨਾਂ ਤੇ ਗੈਰ-ਕਾਨੂੰਨੀ ਕਾਲੀ ਸ਼ੀਸ਼ੇ ਲਗਾਉਣ ਤੇ ਚਲਾਨ ਕੀਤੇ ਗਏ, 2 ਦੇ ਦੋਪਹੀਆ ਵਾਹਨਾਂ ਤੇ ਟ੍ਰਿਪਲ ਸਵਾਰੀ ਕਰਨ ਅਤੇ 2 ਦੇ ਲਾਲ ਬੱਤੀ ਜੰਪ ਕਰਨ ਤੇ ਚਲਾਨ ਕੀਤੇ ਗਏ। ਇਹ ਨਿਰਣਾਇਕ ਲਾਗੂਕਰਨ ਸਾਰੇ ਨਾਗਰਿਕਾਂ ਲਈ ਸੜਕ ਸੁਰੱਖਿਆ ਨੂੰ ਯਕੀਨੀ ਬਣਾਉਣ ਅਤੇ ਟ੍ਰੈਫਿਕ ਕਾਨੂੰਨਾਂ ਨੂੰ ਲਾਗੂ ਕਰਨ ਲਈ ਕਮਿਸ਼ਨਰੇਟ ਪੁਲਿਸ ਜਲੰਧਰ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ।

# ਵਿਜੀਲੈਂਸ ਬਿਊਰੋ ਨੇ ਅਨਾਜ ਘੁਟਾਲੇ ਦੇ ਦੋਸ਼ੀ ਡਿਪਟੀ ਡਾਇਰੈਕਟਰ ਆਰ.ਕੇ. ਸਿੰਗਲਾ ਦਾ ਸਾਥੀ ਅਨੁਰਾਗ ਬੱਤਰਾ ਨੂੰ ਕੀਤਾ ਗ੍ਰਿਫ਼ਤਾਰ

ਚੰਡੀਗੜ੍ਹ, (ਲੋਕ ਬਾਣੀ) ਪੰਜਾਬ ਵਿਜੀਲੈਂਸ ਬਿਊਰੋ ਨੇ ਚਰਚਿਤ ਅਨਾਜ ਘੁਟਾਲੇ ਦੇ ਦੋਸ਼ੀ ਰਾਕੇਸ਼ ਸਿੰਗਲਾ, ਸਾਬਕਾ ਡਿਪਟੀ ਡਾਇਰੈਕਟਰ, ਖੁਰਾਕ ਅਤੇ ਸਿਵਲ ਸਪਲਾਈ ਵਿਭਾਗ ਪੰਜਾਬ ਦੇ ਸਾਥੀ ਅਤੇ ਬੱਤਰਾ ਫਾਰਮਾਸਿਊਟੀਕਲਜ਼ ਦੇ ਡਿਸਟ੍ਰੀਬਿਊਟਰ ਅਨੁਰਾਗ ਬੱਤਰਾ ਨੂੰ ਗ੍ਰਿਫ਼ਤਾਰ ਕੀਤਾ ਹੈ ਜਿਸ ਉੱਪਰ ਸਿੰਗਲਾ ਦੇ ਕਾਲੇ ਧਨ ਨੂੰ ਚਿੱਟੇ ਵਿੱਚ ਤਬਦੀਲ ਕਰਨ ਦਾ ਦੋਸ਼ ਹੈ। ਉਕਤ ਮੁਲਜ਼ਮ ਨੂੰ ਅੱਜ ਲੁਧਿਆਣਾ ਦੀ ਅਦਾਲਤ ਵਿੱਚ ਪੇਸ਼ ਕੀਤਾ ਗਿਆ ਜਿੱਥੇ ਉਸ ਨੂੰ ਇੱਕ ਦਿਨ ਦੇ ਪੁਲਿਸ ਰਿਮਾਂਡ ਉਤੇ ਵਿਜੀਲੈਂਸ ਬਿਊਰੋ ਦੇ ਹਵਾਲੇ ਕਰ ਦਿੱਤਾ ਗਿਆ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਅੱਜ ਇੱਥੇ ਰਾਜ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਸਾਬਕਾ ਖੁਰਾਕ ਤੇ ਸਿਵਲ ਸਪਲਾਈ ਮੰਤਰੀ ਭਾਰਤ ਭੂਸ਼ਣ ਆਸ਼ੂ ਅਤੇ ਹੋਰਾਂ ਖਿਲਾਫ ਐਫ.ਆਈ.ਆਰ. ਨੰਬਰ 11 ਮਿਤੀ 16.08.2022 ਨੂੰ ਭਾਰਤੀ ਦੰਡਾਵਲੀ ਦੀ ਧਾਰਾ 409, 420, 467, 468, 471, 120-ਬੀ ਅਤੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀ ਧਾਰਾ 7, 7ਏ, 8, 12, 13 ਤਹਿਤ ਵਿਜੀਲੈਂਸ ਬਿਊਰੋ ਦੇ ਥਾਣਾ ਲੁਧਿਆਣਾ ਰੇਂਜ ਵਿਖੇ ਦਰਜ ਹੈ ਜਿਸ ਦੀ ਜਾਂਚ ਦੌਰਾਨ ਪਤਾ ਲੱਗਾ ਕਿ ਉਕਤ ਡਿਪਟੀ ਡਾਇਰੈਕਟਰ ਸਿੰਗਲਾ ਨੇ ਆਪਣੇ ਅਤੇ ਆਪਣੀ ਪਤਨੀ ਦੇ ਨਾਂ ਤੇ ਅਣਜਾਣੇ ਆਮਦਨੀ ਦੇ ਸਰੋਤਾਂ ਤੋਂ 12 ਜਾਇਦਾਦਾਂ ਖਰੀਦੀਆਂ ਸਨ। ਬਾਅਦ ਵਿੱਚ ਸਿੰਗਲਾ ਨੂੰ ਉਪਰੋਕਤ ਕੇਸ ਵਿੱਚ ਇਸ਼ਤਿਹਾਰੀ ਭਗੌੜਾ (ਪੀ.ਓ.) ਕਰਾਰ ਦੇ ਦਿੱਤਾ ਗਿਆ ਸੀ। ਇਸ ਉਪਰੰਤ ਰਾਕੇਸ਼ ਕੁਮਾਰ ਸਿੰਗਲਾ ਅਤੇ ਉਸ ਦੀ ਪਤਨੀ ਰਚਨਾ ਸਿੰਗਲਾ ਵਿਰੁੱਧ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀ ਧਾਰਾ 13(1) (ਬੀ) ਤੇ 13(2) ਤਹਿਤ ਐਫ.ਆਈ.ਆਰ. ਨੰਬਰ 08 ਮਿਤੀ 19.04.2023 ਅਧੀਨ ਵਿਜੀਲੈਂਸ ਬਿਊਰੋ ਦੇ ਥਾਣਾ ਲੁਧਿਆਣਾ ਰੇਂਜ ਵਿਖੇ ਆਮਦਨ ਤੋਂ ਵੱਧ ਜਾਇਦਾਦ ਬਣਾਉਣ ਦਾ ਕੇਸ ਦਰਜ ਕੀਤਾ ਗਿਆ ਸੀ।

ਉਨ੍ਹਾਂ ਅੱਗੇ ਦੱਸਿਆ ਕਿ ਜਾਂਚ ਦੌਰਾਨ ਇਹ ਸਾਹਮਣੇ ਆਇਆ ਹੈ ਕਿ ਮੁਲਜ਼ਮ ਆਰ. ਕੇ ਸਿੰਗਲਾ ਨੇ ਖੁਰਾਕ ਤੇ ਸਿਵਲ ਸਪਲਾਈ ਵਿਭਾਗ ਚ ਤਾਇਨਾਤੀ ਦੌਰਾਨ ਰਿਸ਼ਵਤ ਰਾਹੀਂ ਵੱਡੀ ਰਕਮ ਇਕੱਠੀ ਕੀਤੀ ਸੀ ਅਤੇ ਆਪਣੀ ਪਤਨੀ ਰਚਨਾ ਸਿੰਗਲਾ ਦੀ ਅਪਰਾਧਿਕ ਮਿਲੀਭੁਗਤ ਨਾਲ ਉਸ ਦੇ ਨਾਂ ਤੇ ਕਈ ਜਾਇਦਾਦਾਂ ਖਰੀਦੀਆਂ ਸਨ, ਜੋ ਉਸ ਦੀ ਆਮਦਨ ਦੇ ਸਰੋਤਾਂ ਨਾਲ ਮੇਲ ਨਹੀਂ ਖਾਂਦੀਆਂ। ਜਾਂਚ ਦੌਰਾਨ ਇਹ ਵੀ ਪਤਾ ਲੱਗਾ ਕਿ ਮੁਲਜ਼ਮ ਸਿੰਗਲਾ ਨੇ ਲਗਭਗ 5 ਕਰੋੜ ਰੁਪਏ ਦੀਆਂ 12 ਜਾਇਦਾਦਾਂ ਖਰੀਦੀਆਂ ਸਨ। ਇਹਨਾਂ 12 ਜਾਇਦਾਦਾਂ ਵਿੱਚੋਂ 4 ਲੁਧਿਆਣਾ ਸ਼ਹਿਰ ਵਿਖੇ, 5 ਐਸ.ਸੀ.ਓਜ਼ ਖੰਨਾ ਵਿਖੇ, 01 ਚੰਡੀਗੜ੍ਹ ਵਿਖੇ ਅਤੇ 2 ਜਾਇਦਾਦਾਂ (ਐਸ.ਸੀ.ਓਜ਼) ਮੁਹਾਲੀ ਦੇ ਨਿਊ ਚੰਡੀਗੜ੍ਹ ਵਿਖੇ ਹਨ। ਉਨ੍ਹਾਂ ਅੱਗੇ ਕਿਹਾ ਕਿ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀ ਧਾਰਾ 18ਏ ਤਹਿਤ ਉਸ ਦੀਆਂ ਸਾਰੀਆਂ 12 ਜਾਇਦਾਦਾਂ ਦੀ ਕੁਰਕੀ ਲਈ ਲੁਧਿਆਣਾ ਦੀ ਅਦਾਲਤ ਵਿੱਚ ਕਾਰਵਾਈ ਪ੍ਰਕਿਰਿਆ ਅਧੀਨ ਹੈ।

ਬੁਲਾਰੇ ਨੇ ਦੱਸਿਆ ਕਿ ਉਕਤ ਮਾਮਲੇ ਦੀ ਜਾਂਚ ਦੌਰਾਨ ਇਹ ਵੀ ਸਾਹਮਣੇ ਆਇਆ ਹੈ ਕਿ ਅਨੁਰਾਗ ਬੱਤਰਾ ਵਾਸੀ ਐਸ.ਸੀ.ਓ.



360, ਸੈਕਟਰ 32 ਡੀ, ਚੰਡੀਗੜ੍ਹ ਨੇ ਆਰ. ਕੇ. ਸਿੰਗਲਾ ਦੀ ਉਸਦੇ ਕਾਲੇ ਧਨ ਨੂੰ ਚਿੱਟੇ ਵਿੱਚ ਤਬਦੀਲ ਕਰਨ ਵਿੱਚ ਮੱਦਦ ਕੀਤੀ ਸੀ। ਉਸ ਨੇ ਸਾਲ 2021 ਦੌਰਾਨ ਰਚਨਾ ਸਿੰਗਲਾ ਦੇ ਬੈਂਕ ਖਾਤੇ ਵਿੱਚ 9,03,450 ਲੱਖ ਰੁਪਏ ਅਤੇ 19,05,750 ਲੱਖ ਰੁਪਏ (ਕੁੱਲ 28,09,200 ਰੁਪਏ) ਤਬਦੀਲ ਕੀਤੇ ਸਨ। ਮੁਲਜ਼ਮ ਅਨੁਰਾਗ ਬੱਤਰਾ ਇਸ ਗੱਲ ਦਾ ਸਪੱਸ਼ਟੀਕਰਨ ਦੇਣ ਵਿੱਚ ਅਸਫਲ ਰਿਹਾ ਕਿ ਹਰਿਆਣਾ ਸਰਕਾਰ ਤੋਂ 5 ਆਰਡਰ ਪ੍ਰਾਪਤ ਕਰਨ ਲਈ ਰਚਨਾ ਸਿੰਗਲਾ ਵੱਲੋਂ ਕਿਸ ਤਰ੍ਹਾਂ ਦੀ ਮੱਦਦ ਕੀਤੀ ਗਈ ਸੀ। ਮੁਲਜ਼ਮ ਬੱਤਰਾ ਵੱਲੋਂ ਜਾਂਚ ਦੌਰਾਨ ਇਹ ਵੀ ਖੁਲਾਸਾ ਕੀਤਾ ਗਿਆ ਹੈ ਕਿ ਜਿਨ੍ਹਾਂ ਦਿਨਾਂ ਵਿੱਚ ਪੈਸੇ ਟਰਾਂਸਫਰ ਕੀਤੇ ਗਏ, ਰਚਨਾ ਸਿੰਗਲਾ ਭਾਰਤ ਵਿੱਚ ਨਹੀਂ ਸਗੋਂ ਵਿਦੇਸ਼ ਵਿੱਚ ਸੀ। ਬੁਲਾਰੇ ਨੇ ਦੱਸਿਆ ਕਿ ਜਾਂਚ ਦੌਰਾਨ ਉਕਤ ਮੁਲਜ਼ਮ ਬੱਤਰਾ ਨੇ ਆਪਣਾ ਜੁਰਮ ਕਬੂਲ ਕਰ ਲਿਆ ਹੈ ਅਤੇ ਖੁਲਾਸਾ ਕੀਤਾ ਹੈ ਕਿ ਉਸ ਦੇ ਇਕ ਦੋਸਤ ਨੇ ਉਸ ਨੂੰ ਆਰ. ਕੇ. ਸਿੰਗਲਾ ਦੇ ਕਾਲਾ ਧਨ ਨੂੰ ਚਿੱਟੇ ਵਿੱਚ ਤਬਦੀਲ ਕਰਨ ਲਈ ਕਿਹਾ ਸੀ। ਉਨ੍ਹਾਂ ਕਿਹਾ ਕਿ ਇਸ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ।

# ਵਿਜੀਲੈਂਸ ਬਿਊਰੋ ਨੇ 50,000 ਰੁਪਏ ਰਿਸ਼ਵਤ ਲੈਂਦਾ ਸਹਾਇਕ ਟਾਊਨ ਪਲਾਨਰ ਨੂੰ ਕੀਤਾ ਕਾਬੂ



ਚੰਡੀਗੜ੍ਹ,(ਲੋਕ ਬਾਣੀ)--ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਵਿੱਢੀ ਮੁਹਿੰਮ ਦੌਰਾਨ ਪੰਜਾਬ ਵਿਜੀਲੈਂਸ ਬਿਊਰੋ ਨੇ ਅੱਜ ਨਗਰ ਨਿਗਮ ਅੰਮ੍ਰਿਤਸਰ ਵਿਖੇ ਤਾਇਨਾਤ ਸਹਾਇਕ ਟਾਊਨ ਪਲਾਨਰ (ਏ.ਟੀ.ਪੀ.) ਹਰਜਿੰਦਰ ਸਿੰਘ ਨੂੰ 50,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਮੁਲਜ਼ਮ ਨੂੰ ਸਾਈ ਕਿਰਨ ਵਾਸੀ ਸੰਧੂ ਐਵੇਨਿਊ, ਬਟਾਲਾ ਰੋਡ, ਅੰਮ੍ਰਿਤਸਰ ਸ਼ਹਿਰ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ ਤੇ ਗ੍ਰਿਫ਼ਤਾਰ ਕੀਤਾ ਗਿਆ ਹੈ।

ਉਨ੍ਹਾਂ ਅੱਗੇ ਦੱਸਿਆ ਕਿ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕਰਕੇ ਦੋਸ਼ ਲਾਇਆ ਹੈ ਕਿ ਉਸ (ਸ਼ਿਕਾਇਤਕਰਤਾ) ਵੱਲੋਂ ਕੋਟ ਖਾਲਸਾ, ਅੰਮ੍ਰਿਤਸਰ ਵਿਖੇ ਬਣਾਈ ਜਾ ਰਹੀ ਕਲੋਨੀ ਲਈ ਇਤਰਾਜ਼ ਹੀਣਤਾ ਸਰਟੀਫਿਕੇਟ (ਐਨ.ਓ.ਸੀ.) ਜਾਰੀ ਕਰਨ ਬਦਲੇ ਉਕਤ ਮੁਲਜ਼ਮ ਨੇ ਪਹਿਲਾਂ ਵੀ 5 ਲੱਖ ਰੁਪਏ ਦੀ ਰਿਸ਼ਵਤ ਲਈ ਸੀ। ਉਨ੍ਹਾਂ ਅੱਗੇ ਕਿਹਾ ਕਿ ਮੁਲਜ਼ਮ ਨੇ ਫਿਰ ਤੋਂ ਐਨ.ਓ.ਸੀ. ਸਬੰਧੀ ਸ਼ਰਤਾਂ ਪੂਰੀਆਂ ਕਰਨ ਬਦਲੇ 2 ਲੱਖ ਰੁਪਏ ਰਿਸ਼ਵਤ ਦੀ ਮੰਗ ਕੀਤੀ।

ਬੁਲਾਰੇ ਨੇ ਦੱਸਿਆ ਕਿ ਮੁੱਢਲੀ ਜਾਂਚ ਉਪਰੰਤ ਵਿਜੀਲੈਂਸ ਬਿਊਰੋ ਨੇ ਜਾਲ ਵਿਛਾਇਆ ਅਤੇ ਉਕਤ ਮੁਲਜ਼ਮ ਨੂੰ ਦੋ ਸਰਕਾਰੀ ਗਵਾਹਾਂ ਦੀ ਮੌਜੂਦਗੀ ਵਿੱਚ ਸ਼ਿਕਾਇਤਕਰਤਾ ਕੋਲੋਂ 50,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕਰ ਲਿਆ।

ਉਨ੍ਹਾਂ ਅੱਗੇ ਦੱਸਿਆ ਕਿ ਇਸ ਸਬੰਧੀ ਏ.ਟੀ.ਪੀ ਵਿਰੁੱਧ ਵਿਜੀਲੈਂਸ ਬਿਊਰੋ ਦੇ ਥਾਣਾ ਅੰਮ੍ਰਿਤਸਰ ਰੇਂਜ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮੁਕੱਦਮਾ ਦਰਜ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਮੁਲਜ਼ਮਾਂ ਨੂੰ ਭਲਕੇ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ ਅਤੇ ਇਸ ਮਾਮਲੇ ਦੀ ਹੋਰ ਜਾਂਚ ਜਾਰੀ ਹੈ।

# ਪੰਜਾਬ ਪੁਲਿਸ ਦੀ ANTF ਨੇ DSP ਵਵਿੰਦਰ ਮਹਾਜਨ 'ਤੇ ਨਸ਼ਾ ਸਪਲਾਇਰਾਂ ਨਾਲ ਮਿਲੀਭੁਗਤ ਕਰਨ ਲਈ ਕੀਤਾ ਪਰਚਾ ਦਰਜ

ਚੰਡੀਗੜ੍ਹ, (ਲੋਕ ਬਾਣੀ)ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਭ੍ਰਿਸ਼ਟਾਚਾਰ ਵਿਰੁੱਧ ਅਪਣਾਈ ਜ਼ੀਰੋ ਟੌਲਰੈਂਸ ਨੀਤੀ ਦੇ ਮੱਦੇਨਜ਼ਰ ਪੰਜਾਬ ਪੁਲੀਸ ਦੀ ਐਂਟੀ ਨਾਰਕੋਟਿਕ ਟਾਸਕ ਫੋਰਸ (ਏ.ਐਨ.ਟੀ.ਐਫ.) ਦੀ ਜਾਂਚ ਉਪਰੰਤ ਸਾਹਮਣੇ ਆਏ ਤੱਥਾਂ ਦੇ ਅਧਾਰ 'ਤੇ ਡੀਐਸਪੀ ਵਵਿੰਦਰ ਕੁਮਾਰ ਮਹਾਜਨ ਖ਼ਿਲਾਫ਼ ਭ੍ਰਿਸ਼ਟ ਅਭਿਆਸਾਂ ਵਿੱਚ ਡਰੱਗ ਸਪਲਾਇਰਾਂ ਦੀ ਮਦਦ ਕਰਨ ਦੇ ਦੋਸ਼ ਹੇਠ ਕੇਸ ਦਰਜ ਕੀਤਾ ਹੈ। ਇਹ ਜਾਣਕਾਰੀ ਡੀਜੀਪੀ ਗੌਰਵ ਯਾਦਵ ਨੇ ਵੀਰਵਾਰ ਨੂੰ ਇੱਥੇ ਦਿੱਤੀ।

ਇਸ ਸਬੰਧ ਵਿੱਚ, ਭ੍ਰਿਸ਼ਟਾਚਾਰ ਰੋਕੂ ਐਕਟ ਦੀ ਧਾਰਾ 7 ਅਤੇ 8 ਅਤੇ ਐਨਡੀਪੀਐਸ ਐਕਟ ਦੀ ਧਾਰਾ 59 (2) ਦੇ ਤਹਿਤ ਐਫਆਈਆਰ ਦਰਜ ਕੀਤੀ ਗਈ ਹੈ, ਜੋ ਕੀਤੇ ਗਏ ਅਪਰਾਧਾਂ ਦੀ ਗੰਭੀਰਤਾ ਅਤੇ ਅਹੁਦੇ ਦੀ ਦੁਰਵਰਤੋਂ ਨੂੰ ਉਜਾਗਰ ਕਰਦੀ ਹੈ।

ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਏਐਨਟੀਐਫ ਨੇ 1.98 ਕਰੋੜ ਅਲਪਰਾਜ਼ੋਲਮ ਗੋਲੀਆਂ ਅਤੇ 40 ਕਿਲੋਗ੍ਰਾਮ ਕੱਚੀ ਅਲਪਰਾਜ਼ੋਲਮ ਜ਼ਬਤ ਕਰਨ ਸਬੰਧੀ ਮਾਮਲੇ ਵਿੱਚ ਦਰਜ ਫਰਵਰੀ 2024 ਦੇ ਕੇਸ ਦੀ ਤਾਜ਼ਾ ਜਾਂਚ ਤੋਂ ਬਾਅਦ ਆਪਣੇ ਹੀ ਰੈਂਕ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਨਿਰਣਾਇਕ ਕਾਰਵਾਈ ਕਰਦਿਆਂ ਖੁਲਾਸਾ ਕੀਤਾ ਕਿ ਡੀਐਸਪੀ (ਏਐਨਟੀਐਫ) ਵਜੋਂ ਤਾਇਨਾਤ ਵਵਿੰਦਰ ਕੁਮਾਰ ਮਹਾਜਨ ਅਤੇ ਉਸਦਾ ਸਾਥੀ ਅਖਿਲ ਜੈ ਸਿੰਘ ਵਾਸੀ ਲਖ਼ਨਊ, ਰਿਸ਼ਵਤਖੋਰੀ ਦੀ ਇੱਕ ਹੈਰਾਨ ਕਰਨ ਵਾਲੀ ਯੋਜਨਾ ਵਿੱਚ ਸ਼ਾਮਲ ਸਨ। ਇਸ ਵੇਲੇ ਡੀਐਸਪੀ ਮਹਾਜਨ 9ਵੀਂ ਬਟਾਲੀਅਨ ਪੀਏਪੀ, ਅੰਮ੍ਰਿਤਸਰ ਵਿੱਚ ਡੀਐਸਪੀ ਵਜੋਂ ਤਾਇਨਾਤ ਹੈ।

ਡੀਜੀਪੀ ਨੇ ਕਿਹਾ ਕਿ ਮਈ 2024 ਵਿੱਚ ਮੈਸਰਜ਼ ਸਮੀਲੈਕਸ ਫਾਰਮਾਚੈਮ ਡਰੱਗ ਇੰਡਸਟਰੀਜ਼ ਵਿਖੇ ਸਾਂਝੇ ਨਿਰੀਖਣ ਦੌਰਾਨ, ਏ.ਐਨ.ਟੀ.ਐਫ. ਟੀਮ ਨੂੰ ਐਨਡੀਪੀਐਸ ਐਕਟ ਦੀ ਗੰਭੀਰ ਉਲੰਘਣਾਵਾਂ ਦਾ ਪਤਾ ਲੱਗਿਆ। ਉਨ੍ਹਾਂ ਅੱਗੇ ਕਿਹਾ ਕਿ ਇਸ ਕੇਸ ਦੀ ਮੁਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਡੀਐਸਪੀ ਮਹਾਜਨ ਨੇ ਕਾਨੂੰਨੀ ਨਤੀਜਿਆਂ ਤੋਂ ਬਚਾਉਣ ਲਈ ਮੈਸਰਜ਼ ਐਸਟਰ ਫਾਰਮਾ ਤੋਂ 45 ਲੱਖ ਰੁਪਏ ਰਿਸ਼ਵਤ ਲਈ ਸੀ।



ਹੋਰ ਵੇਰਵੇ ਸਾਂਝੇ ਕਰਦਿਆਂ ਵਿਸ਼ੇਸ਼ ਡੀਜੀਪੀ ਏਐਨਟੀਐਫ ਕੁਲਦੀਪ ਸਿੰਘ ਨੇ ਦੱਸਿਆ ਕਿ ਦੋ ਅਹਿਮ ਗਵਾਹਾਂ ਵੱਲੋਂ ਨਿਆਂਇਕ ਅਧਿਕਾਰੀ ਦੇ ਸਾਹਮਣੇ ਸਵੈਇੱਛਤ ਬਿਆਨ ਦਿੱਤੇ ਜਾਣ ਅਤੇ ਵਿੱਤੀ ਤੇ ਤਕਨੀਕੀ ਸਬੂਤਾਂ ਰਾਹੀਂ ਪੁਸ਼ਟੀ ਹੋਣ ਉਪਰੰਤ ਦੋਸ਼ੀ ਡੀਐਸਪੀ ਮਹਾਜਨ ਵੱਲੋਂ ਕੀਤੇ ਭ੍ਰਿਸ਼ਟਾਚਾਰ ਦਾ ਪਰਦਾਫਾਸ਼ ਹੋਇਆ, ਜਿਸ ਕਾਰਨ ਏਐਨਟੀਐਫ ਨੇ ਉਸ ਵਿਰੁੱਧ ਕਾਨੂੰਨੀ ਕਾਰਵਾਈ ਕਰਨ ਦਾ ਫੈਸਲਾ ਕੀਤਾ।

ਉਨ੍ਹਾਂ ਦੱਸਿਆ ਕਿ ਏ.ਐਨ.ਟੀ.ਐਫ ਦੀ ਟੀਮ ਵੱਲੋਂ ਮੁਲਜ਼ਮ ਡੀਐਸਪੀ ਦੇ ਅੰਮ੍ਰਿਤਸਰ ਸਥਿਤ ਘਰ 'ਤੇ ਛਾਪੇਮਾਰੀ ਕੀਤੀ ਗਈ ,ਪਰ ਉਸ ਨੂੰ ਗ੍ਰਿਫ਼ਤਾਰ ਨਹੀਂ ਕੀਤਾ ਜਾ ਸਕਿਆ। ਉਨ੍ਹਾਂ ਅੱਗੇ ਦੱਸਿਆ ਕਿ ਮੁਲਜ਼ਮ ਡੀਐਸਪੀ ਫਰਾਰ ਹੈ ਅਤੇ ਇਸ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ।

ਦੱਸਣਯੋਗ ਹੈ ਕਿ ਇਹ ਦਲੇਰਾਨਾ ਕਾਰਵਾਈ ਪੰਜਾਬ ਪੁਲਿਸ ਦੇ ਅਜਿਹੇ ਪੰਜਾਬ ਦੀ ਸਿਰਜਣਾ ਦੇ ਸੰਕਲਪ ਨੂੰ ਦਰਸਾਉਂਦੀ ਹੈ, ਜਿੱਥੇ ਚੁਣੌਤੀਪੂਰਨ ਹਾਲਾਤਾਂ ਦੇ ਬਾਵਜੂਦ, ਇਮਾਨਦਾਰੀ ਅਤੇ ਕਾਨੂੰਨ ਸਦਾ ਬਰਕਰਾਰ ਹੈ।

# ਵਿਜੀਲੈਂਸ ਬਿਊਰੋ ਵੱਲੋਂ 15000 ਰੁਪਏ ਰਿਸ਼ਵਤ ਲੈਣ ਦੇ ਦੋਸ਼ ਵਿੱਚ ਏਐਸਆਈ ਖ਼ਿਲਾ਼ਫ ਕੇਸ ਦਰਜ



ਚੰਡੀਗੜ੍ਹ, (ਲੋਕ ਬਾਣੀ)– ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚਲਾਈ ਮੁਹਿੰਮ ਦੌਰਾਨ ਮੁਹਾਲੀ ਜ਼ਿਲ੍ਹੇ ਦੇ ਥਾਣਾ ਸਦਰ ਖਰੜ ਵਿੱਚ ਤਾਇਨਾਤ ਸਹਾਇਕ ਸਬ ਇੰਸਪੈਕਟਰ (ਏ.ਐਸ. ਆਈ.) ਕਰਮਵੀਰ ਸਿੰਘ ਵਿਰੁੱਧ 15000 ਰੁਪਏ ਦੀ ਰਿਸ਼ਵਤ ਲੈਣ ਦੇ ਦੋਸ਼ ਹੇਠ ਭ੍ਰਿਸ਼ਟਾਚਾਰ ਦਾ ਕੇਸ ਦਰਜ ਕੀਤਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਓਰੋ ਦੇ ਇੱਕ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਉਕਤ ਪੁਲਿਸ ਮੁਲਾਜ਼ਮ ਖਿਲਾ਼ਫ ਇਹ ਮੁਕੱਦਮਾ ਮਲੋਆ ਕਲੋਨੀ, ਚੰਡੀਗੜ੍ਹ ਦੇ ਵਸਨੀਕ ਸੁਖਵਿੰਦਰ ਸਿੰਘ ਵੱਲੋਂ ਮੁੱਖ ਮੰਤਰੀ ਦੀ ਭ੍ਰਿਸ਼ਟਾਚਾਰ ਵਿਰੋਧੀ ਐਕਸ਼ਨ ਲਾਈਨ ਵਿਖੇ ਦਰਜ ਕਰਵਾਈ ਗਈ ਸ਼ਿਕਾਇਤ ਦੀ ਜਾਂਚ ਦੇ ਆਧਾਰ ਤੇ ਦਰਜ ਕੀਤਾ ਗਿਆ ਹੈ।

ਉਨ੍ਹਾਂ ਅੱਗੇ ਦੱਸਿਆ ਕਿ ਸ਼ਿਕਾਇਤਕਰਤਾ ਨੇ ਆਪਣੀ ਸ਼ਿਕਾਇਤ ਵਿੱਚ ਦੋਸ਼ ਲਾਇਆ ਹੈ ਕਿ ਉਕਤ ਮੁਲਜ਼ਮ ਏਐਸਆਈ ਨੇ ਥਾਣਾ ਸਦਰ ਖਰੜ ਵਿਖੇ ਦਰਜ ਇੱਕ ਕੇਸ ਵਿੱਚ ਉਸਦੇ ਰਿਸ਼ਤੇਦਾਰਾਂ ਦੀ ਜ਼ਮਾਨਤ ਕਰਵਾਉਣ ਬਦਲੇ 15,000 ਰੁਪਏ ਦੀ ਰਿਸ਼ਵਤ ਲਈ ਸੀ।

ਬੁਲਾਰੇ ਨੇ ਅੱਗੇ ਦੱਸਿਆ ਕਿ ਪੜਤਾਲ ਦੌਰਾਨ ਸ਼ਿਕਾਇਤ ਵਿੱਚ 15000 ਰੁਪਏ ਦੀ ਰਿਸ਼ਵਤ ਲੈਣ ਦੇ ਲਾਏ ਗਏ ਦੋਸ਼ ਸਹੀ ਪਾਏ ਗਏ ਹਨ। ਇਸ ਰਿਪੋਰਟ ਦੇ ਆਧਾਰ ਤੇ ਉਕਤ ਪੁਲਿਸ ਮੁਲਾਜ਼ਮ ਵਿਰੁੱਧ ਵਿਜੀਲੈਂਸ ਬਿਊਰੋ ਦੇ ਥਾਣਾ ਉਡਣ ਦਸਤਾ, ਪੰਜਾਬ, ਮੁਹਾਲੀ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮੁਕੱਦਮਾ ਦਰਜ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਇਸ ਕੇਸ ਦੀ ਅਗਲੇਰੀ ਜਾਂਚ ਜਾਰੀ ਹੈ।

# ਰਿਕੀ ਪੋਂਟਿੰਗ ਬਣੇ ਪੰਜਾਬ ਕਿੰਗਜ਼ ਦੇ ਹੈੱਡ ਕੋਚ, ਟ੍ਰੇਵਰ ਬੇਲਿਸ ਦੀ ਲੈਣਗੇ ਜਗ੍ਹਾ



ਨਵੀਂ ਦਿੱਲੀ (ਲੋਕ ਬਾਣੀ)– ਪੰਜਾਬ ਕਿੰਗਜ਼ (PBKS) ਨੇ ਸਾਬਕਾ ਆਸਟ੍ਰੇਲੀਆਈ ਕਪਤਾਨ ਰਿਕੀ ਪੋਂਟਿੰਗ ਨੂੰ IPL 2025 ਸੀਜ਼ਨ ਲਈ ਆਪਣੀ ਟੀਮ ਦਾ ਮੁੱਖ ਕੋਚ ਨਿਯੁਕਤ ਕੀਤਾ ਹੈ। ਇਸ ਤੋਂ ਪਹਿਲਾਂ ਉਹ ਪਿਛਲੇ ਸੱਤ ਸਾਲਾਂ ਤੋਂ ਦਿੱਲੀ ਕੈਪੀਟਲਜ਼ (ਡੀਸੀ) ਦੇ ਕੋਚ ਸਨ ਅਤੇ ਦੋ ਮਹੀਨੇ ਪਹਿਲਾਂ ਹੀ ਵੱਖ ਹੋ ਗਏ ਸਨ।ਰਿਪੋਰਟ ਮੁਤਾਬਕ ਪੋਂਟਿੰਗ ਨੇ ਪੀਬੀਕੇਐਸ ਨਾਲ ਇਕ ਸਾਲ ਤੋਂ ਵੱਧ ਸਮੇਂ ਲਈ ਕਰਾਰ ਕੀਤਾ ਹੈ ਅਤੇ ਹੁਣ ਉਹ ਆਪਣੇ ਕੋਚਿੰਗ ਸਟਾਫ ਦੇ ਹੋਰ ਮੈਂਬਰਾਂ ਦੀ ਚੋਣ ਕਰੇਗਾ।

ਇਸ ਤੋਂ ਪਹਿਲਾਂ ਪੰਜਾਬ ਦੇ ਕੋਚਿੰਗ ਸਟਾਫ ਵਿੱਚ ਟ੍ਰੇਵਰ ਬੇਲਿਸ (ਮੁੱਖ ਕੋਚ), ਸੰਜੇ ਬੰਗੜ (ਕ੍ਰਿਕੇਟ ਵਿਕਾਸ ਦੇ ਮੁਖੀ), ਚਾਰਲ ਲੈਂਗਵੇਲਡ (ਫਾਸਟ ਗੇਂਦਬਾਜ਼ੀ ਕੋਚ) ਅਤੇ ਸੁਨੀਲ ਜੋਸ਼ੀ (ਸਪਿਨ ਗੇਂਦਬਾਜ਼ੀ ਕੋਚ) ਸ਼ਾਮਲ ਹਨ।

# ਰਾਹੁਲ ਗਾਂਧੀ ਨੂੰ ਅੱਤਵਾਦੀ ਕਹਿਣ ਤੇ ਕੇਂਦਰੀ ਮੰਤਰੀ ਬਿੱਟੂ ਖਿਲਾਫ - ਦਰਜ, ਮੰਤਰੀ ਨੇ ਕਿਹਾ-ਮੈਂ ਪਾਰਲੀਮੈਂਟ ਚ ਵੀ ਬੋਲਾਂਗਾ, ਗਾਂਧੀ ਪਰਿਵਾਰ ਨੇ ਸਾੜਿਆ ਪੰਜਾਬ



ਨਵੀਂ ਦਿੱਲੀ-(ਲੋਕ ਬਾਣੀ) ਕੇਂਦਰੀ ਮੰਤਰੀ ਰਵਨੀਤ ਸਿੰਘ ਬਿੱਟੂ ਖਿਲਾਫ ਰਾਹੁਲ ਗਾਂਧੀ ਖਿਲਾਫ ਵਿਵਾਦਿਤ ਟਿੱਪਣੀ ਕਰਨ ਤੇ ਐੱਫ.ਆਈ.ਆਰ. ਦਰਜ ਕੀਤੀ ਗਈ ਹੈ। ਕਰਨਾਟਕ ਪ੍ਰਦੇਸ਼ ਕਾਂਗਰਸ ਕਮੇਟੀ ਦੇ ਇਕ ਅਧਿਕਾਰੀ ਨੇ ਇਸ ਦੀ ਸ਼ਿਕਾਇਤ ਕੀਤੀ ਸੀ। ਬਿੱਟੂ ਵਿਰੁੱਧ ਭਾਰਤੀ ਨਿਆਂ ਸੰਹਿਤਾ ਦੀ ਧਾਰਾ 353 (2), 192 ਅਤੇ 196 (ਧਰਮ ਜਾਂ ਜਾਤ ਦੇ ਆਧਾਰ ਤੇ ਨਫ਼ਰਤ ਫੈਲਾਉਣਾ) ਦੇ ਤਹਿਤ ਮਾਮਲਾ ਦਰਜ ਕੀਤਾ ਗਿਆ ਹੈ।

ਇਸ ਤੋਂ ਬਾਅਦ ਕੇਂਦਰੀ ਮੰਤਰੀ ਨੇ ਕਿਹਾ ਕਿ ਮੈਂ ਆਪਣੇ ਬਿਆਨ ਲਈ ਮੁਆਫੀ ਨਹੀਂ ਮੰਗਾਂਗਾ, ਸਗੋਂ ਸੰਸਦ ਚ ਇਹ ਵੀ ਕਹਾਂਗਾ ਕਿ ਗਾਂਧੀ ਪਰਿਵਾਰ ਨੇ ਪੰਜਾਬ ਨੂੰ ਸਾੜਿਆ। ਅਸੀਂ ਪੰਜਾਬ ਵਿੱਚ ਆਪਣੀਆਂ ਕਈ ਪੀੜ੍ਹੀਆਂ ਗੁਆ ਚੁੱਕੇ ਹਾਂ।ਦਰਅਸਲ ਬਿੱਟੂ ਨੇ 15 ਸਤੰਬਰ ਨੂੰ ਕਿਹਾ ਸੀ ਕਿ ਰਾਹੁਲ ਗਾਂਧੀ ਦੇਸ਼ ਦੇ ਨੰਬਰ-1 ਅੱਤਵਾਦੀ ਹਨ। ਜੋ ਵੀ ਇਨ੍ਹਾਂ ਨੂੰ ਫੜਦਾ ਹੈ ਉਸ ਨੂੰ ਇਨਾਮ ਮਿਲਣਾ ਚਾਹੀਦਾ ਹੈ ਕਿਉਂਕਿ ਉਹ ਦੇਸ਼ ਦੇ ਸਭ ਤੋਂ ਵੱਡੇ ਦੁਸ਼ਮਣ ਹਨ।

ਭਾਜਪਾ ਦੇ ਰਾਸ਼ਟਰੀ ਪ੍ਰਧਾਨ ਜੇਪੀ ਨੱਡਾ ਨੇ 18 ਸਤੰਬਰ ਨੂੰ ਕਾਂਗਰਸ ਪ੍ਰਧਾਨ ਮਲਿਕਾਅਰਜੁਨ ਖੜਗੇ ਨੂੰ ਇੱਕ ਪੱਤਰ ਲਿਖਿਆ ਸੀ। ਨੱਡਾ ਨੇ ਲਿਖਿਆ ਕਿ ਤੁਸੀਂ ਰਾਹੁਲ ਗਾਂਧੀ ਸਮੇਤ ਆਪਣੇ ਨੇਤਾਵਾਂ ਦੇ ਮਾੜੇ ਕੰਮਾਂ ਨੂੰ ਭੁੱਲ ਗਏ ਹੋ ਜਾਂ ਜਾਣਬੁੱਝ ਕੇ ਨਜ਼ਰਅੰਦਾਜ਼ ਕੀਤਾ ਹੈ। ਇਹ ਉਸ ਚਿੱਠੀ ਦਾ ਜਵਾਬ ਹੈ ਜੋ ਖੜਗੇ ਨੇ 17 ਸਤੰਬਰ ਨੂੰ ਪੀਐਮ ਮੋਦੀ ਨੂੰ ਲਿਖੀ ਸੀ। ਜਿਸ ਚ ਉਨ੍ਹਾਂ ਨੇ ਰਾਹੁਲ ਗਾਂਧੀ ਨੂੰ ਲੈ ਕੇ ਵਿਵਾਦਿਤ ਬਿਆਨ ਦੇਣ ਵਾਲੇ ਭਾਜਪਾ ਨੇਤਾਵਾਂ ਤੇ ਕਾਰਵਾਈ ਦੀ ਮੰਗ ਕੀਤੀ ਹੈ।

# ਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਹਸਪਤਾਲ ਢਾਹਾਂ ਕਲੇਰਾਂ ਨੂੰ ਦੋ ਲੱਖ ਰੁਪਏ ਦੀ ਵਿੱਤੀ ਸਹਾਇਤਾ

ਸਹੀਦ ਭਗਤ ਸਿੰਘ ਨਗਰ(ਰਮੇਸ਼ ਸਰਮਾ£ਮਨਪ੍ਰੀਤ ਵਾਸੂ)ਪਿਛਲੇ ਚਾਲੀ ਸਾਲ ਤੋਂ ਪੇਂਡੂ ਖਿੱਤੇ 'ਚ ਰਿਆਇਤੀ ਦਰਾਂ 'ਤੇ ਆਧੁਨਿਕ ਸਿਹਤ ਸਹੂਲਤਾਂ ਨੂੰ ਸਮਰਪਿਤ ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅਮ੍ਰਿਤਸਰ ਸਾਹਿਬ ਵੱਲੋਂ 2 ਲੱਖ ਰੁਪਏ ਦੀ ਸਹਾਇਤਾ ਦਿੱਤੀ ਗਈ ਹੈ। ਪਿਛਲੇ ਦਿਨੀ ਹਸਪਤਾਲ ਦੀ ਨਵੀਂ ਲਿਫਟ ਦਾ ਉਦਘਾਟਨ ਕਰਨ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਵਿੱਤੀ ਸਹਾਇਤਾ ਦੇਣ ਦਾ ਐਲਾਨ ਕੀਤਾ ਸੀ ਅਤੇ ਉਹਨਾਂ ਵੱਲੋਂ ਇਸ ਐਲਾਨੀ ਰਾਸ਼ੀ ਦਾ ਚੈੱਕ ਜਥੇਦਾਰ ਗੁਰਬਖਸ਼ ਸਿੰਘ ਖਾਲਸਾ ਮੀਤ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਵੱਲੋਂ ਹਸਪਤਾਲ ਪ੍ਰਬੰਧਕ ਟਰੱਸਟ ਦੇ ਪ੍ਰਧਾਨ ਡਾ. ਕੁਲਵਿੰਦਰ ਸਿੰਘ ਢਾਹਾਂ ਨੂੰ ਭੇਟ ਕੀਤਾ । ਇਸ ਮੌਕੇ ਜਥੇਦਾਰ ਖਾਲਸਾ ਨੇ ਕਿਹਾ ਕਿ ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਵੱਲੋਂ ਗੁਰੂ ਨਾਨਕ ਦੇਵ ਜੀ ਦਰਸਾਏ ਮਿਸ਼ਨ ਤੇ ਚੱਲਦੇ ਹੋਏ ਆਮ ਲੋਕਾਈ ਨੂੰ ਮਿਆਰੀ ਸਿਹਤ ਸੇਵਾਵਾਂ ਪ੍ਰਦਾਨ ਕਰਨ ਦਾ ਕਾਰਜ ਬਹੁਤ ਸ਼ਾਲਾਘਾਯੋਗ ਹੈ । ਇਸ ਲਈ ਸਿੱਖਾਂ ਦੀ ਪ੍ਰਤੀਨਿਧ ਸੰਸਥਾ ਹੋਣ ਕਰਕੇ ਸ਼੍ਰੋਮਣੀ ਕਮੇਟੀ ਵੱਲੋਂ ਲੋੜਵੰਦਾਂ ਦੀ ਸੇਵਾ ਸੰਭਾਲ ਕਰਨ ਵਾਲੀਆਂ ਸੰਸਥਾਵਾਂ ਦਾ ਸਤਿਕਾਰ ਕੀਤਾ ਜਾਂਦਾ ਹੈ । ਜਿਸ ਦੇ ਤਹਿਤ ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਨੂੰ ਦੋ ਲੱਖ ਰੁਪਏ ਦੀ ਸਹਾਇਤਾ ਪ੍ਰਦਾਨ ਕੀਤੀ ਗਈ ।ਇਸ ਮੌਕੇ ਹਸਪਤਾਲ ਪ੍ਰਬੰਧਕ ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ ਦੇ ਪ੍ਰਧਾਨ ਡਾ. ਕੁਲਵਿੰਦਰ



ਸਿੰਘ ਢਾਹਾਂ ਨੇ ਸ਼ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋ ਗੁਰੂ ਨਾਨਕ ਮਿਸ਼ਨ ਹਸਪਤਾਲ ਨੂੰ ਵਿੱਤੀ ਸਹਾਇਤਾ ਪ੍ਰਦਾਨ ਕਰਨ ਲਈ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਅਤੇ ਮੀਤ ਪ੍ਰਧਾਨ ਜਥੇਦਾਰ ਗੁਰਬਖਸ਼ ਸਿੰਘ ਖਾਲਸਾ ਦਾ ਵਿਸ਼ੇਸ਼ ਧੰਨਵਾਦ ਕੀਤਾ । ਉਹਨਾਂ ਦੱਸਿਆ ਗੁਰੂ ਨਾਨਕ ਦੇਵ ਜੀ ਦੇ ਦਰਸਾਏ ਸੇਵਾ ਮਿਸ਼ਨ ਤੇ ਚੱਲਦੇ ਹੋਏ ਹਸਪਤਾਲ ਵਿਖੇ ਲੋੜਵੰਦ ਮਰੀਜ਼ਾਂ ਦੀ ਵੱਧ ਤੋਂ ਵੱਧ ਮਦਦ ਕੀਤੀ ਜਾਂਦੀ ਹੈ । ਇਹਨਾਂ ਸੇਵਾ ਕਾਰਜਾਂ ਵਿਚ ਹਰ ਮਹੀਨੇ 3 ਲੱਖ ਰੁਪਏ ਤੋਂ ਵੱਧ ਰਾਸ਼ੀ ਦੇ ਬਿੱਲ ਮਾਫ ਕੀਤੇ ਜਾਂਦੇ ਹਨ ਅਤੇ ਹਸਪਤਾਲ ਵਿਖੇ ਦਾਖਲ ਮਰੀਜ਼ਾਂ ਲਈ ਚੱਲ ਰਹੀ ਫਰੀ ਬੈੱਡ ਸੇਵਾ ਨਾਲ ਮਦਦ ਕੀਤੀ ਜਾਂਦੀ ਹੈ । ਇਸ ਮੌਕੇ ਸ. ਅਮਰਜੀਤ ਸਿੰਘ ਕਲੇਰਾਂ ਸਕੱਤਰ ਟਰੱਸਟ, ਸ. ਮਲਕੀਅਤ ਸਿੰਘ ਬਾਹੜੋਵਾਲ ਸਾਬਕਾ ਪ੍ਰਧਾਨ, ਜਥੇਦਾਰ ਸਤਨਾਮ ਸਿੰਘ ਲਾਦੀਆਂ, ਜਥੇਦਾਰ ਨਵਦੀਪ ਸਿੰਘ ਅਨੋਖਰਵਾਲ, ਜਥੇਦਾਰ ਹਰਦੀਪ ਸਿੰਘ ਕੋਟ ਰਾਝਾਂ, ਸ. ਧਰਮਿੰਦਰ ਸਿੰਘ ਮੰਢਾਲੀ, ਸ. ਪ੍ਰਭਜੀਤ ਸਿੰਘ ਕਾਹਲੋਂ, ਡਾ. ਰਵਿੰਦਰ ਖਜੂਰੀਆ ਮੈਡੀਕਲ ਸੁਪਰਡੈਂਟ, ਸ. ਕ੍ਰਿਪਾਲ ਸਿੰਘ ਗੁਰਦੁਆਰਾ ਇੰਸਪੈਕਟਰ ਐਸ. ਜੀ. ਪੀ. ਸੀ., ਸ. ਮਹਿੰਦਰਪਾਲ ਸਿੰਘ ਦਫਤਰ ਸੁਪਰਡੈਂਟ ਢਾਹਾਂ ਕਲੇਰਾਂ ਵੀ ਹਾਜ਼ਰ ਸਨ ।

ਰੋਜ਼ਾਨਾ ਲੋਕ ਬਾਣੀ www.lokbani

# ਚੇਤਾਵਣੀ, ਮੰਗਾਂ ਨਾ ਮੰਨੀ ਸਰਕਾਰ ਤਾਂ ਮੁਹਾਲੀ ਵਿਖੇ ਪ੍ਰਦਰਸ਼ਨ ਕਰਨਗੇ ਪੈਨਸ਼ਨਰਜ



ਅੰਮ੍ਰਿਤਸਰ, (ਲੋਕ ਬਾਣੀ) ਪੰਜਾਬ ਗੌਰਮਿੰਟ ਪੈਨਸ਼ਨਰਜ ਜੁਆਇੰਟ ਫਰੰਟ ਦੇ ਸਟੇਟ ਕਨਵੀਨਰਾਂ ਦੇ ਫੈਸਲਿਆ ਅਨੁਸਾਰ ਮੁੱਖ ਮੰਤਰੀ ਦੇ ਨਾਮ ਮੰਗ ਪੱਤਰ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਦੇ ਰਾਹੀ ਭੇਜਣ ਲਈ ਦਿੱਤਾ ਗਿਆ। ਫਰੰਟ ਦੇ ਬੁਲਾਰਿਆ ਨੇ ਮੰਗ ਕੀਤੀ ਕਿ ਛੇਵੇਂ ਤਨਖਾਹ ਕਮਿਸ਼ਨ ਦੀਆ ਸਿਫਾਰਸ਼ਾ ਅਨੁਸਾਰ 2.59 ਦੇ ਗੁਣਾਂਕ ਨਾਲ ਸੋਧੀ ਪੈਨਸ਼ਨ ਦਾ ਬਣਦਾ ਏਰੀਅਰ ਦਿੱਤਾ ਜਾਵੇ ਅਤੇ ਡੀ.ਏ ਦੀਆ ਕਿਸ਼ਤਾ ਲਾਗੂ ਕਰਕੇ ਪਿਛਲਾ ਬਕਾਇਆ ਦਿੱਤਾ ਜਾਵੇ। ਪ੍ਰੋਗਰਾਮ ਦੀ ਅਗਵਾਈ ਸੁਖਦੇਵ ਸਿੰਘ ਪੰਨੂੰ,ਬਲਦੇਵ ਸਿੰਘ ਲੁਹਾਰਕਾ ਵੱਲੋਂ ਕੀਤੀ ਗਈ। ਇਸ ਮੌਕੇ ਤੇ ਸਵਿੰਦਰਪਾਲ ਸਿੰਘ ਮੋਲੋਵਾਲੀ,ਜੋਗਿੰਦਰ ਸਿੰਘ,ਦਵਿੰਦਰ ਸਿੰਘ,ਮਦਨ ਲਾਲ ਮੰਨਣ, ਸੁਰਜੀਤ ਸਿੰਘ ਗੁਰਾਇਆ,ਮੁਖਤਾਰ ਸਿੰਘ ਮਾਹਵਾ, ਸੁਖਦੇਵ ਰਾਜ ਕਾਲੀਆ, ਇੰਜੀਨੀਅਰ ਜੇ.ਪੀ.ਔਲਖ,ਚਰਨ ਸਿੰਘ, ਰਾਮ ਲੁਭਾਇਆ,ਮੇਜਰ ਸਿੰਘ,ਸੁਖਜਿੰਦਰ ਸਿੰਘ ਰਿਆੜ,ਗੁਰਸ਼ਰਨਜੀਤ ਸਿੰਘ, ਗੁਰਮੇਜ ਸਿੰਘ ਅਟਾਰੀ,ਕਰਮਜੀਤ ਸਿੰਘ ਕੇ. ਪੀ ਦੀ ਰੈਲੀ ਵਿੱਚ ਸ਼ਾਮਲ ਸਾਥੀਆ ਨੇ ਸਰਕਾਰ ਤੋਂ ਮੰਗ ਕੀਤੀ ਕਿ ਬਜੁਰਗ ਪੈਨਸ਼ਨਰਜ ਦੇ ਸਬਰ ਦਾ ਇਮਤਿਹਾਨ ਹੋਰ ਜਿਆਦਾ ਨਾ ਲਿਆ ਜਾਵੇ। ਜੇਕਰ ਇਸ ਵੱਲ ਸਮੇਂ ਸਿਰ ਧਿਆਨ ਨਾ ਦਿੱਤਾ ਗਿਆ ਤਾਂ ਪੈਨਸ਼ਨਰਜ 22 ਅਕਤੂਬਰ 2024 ਨੂੰ ਮੁਹਾਲੀ ਵਿਖੇ ਪੰਜਾਬ ਪੱਧਰ ਦਾ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ। ਜਿਸ ਦੀ ਜ਼ਿਮੇਵਾਰੀ ਪੰਜਾਬ ਸਰਕਾਰ ਦੀ ਹੋਵੇਗੀ।ਇਸ ਦੇ ਨਾਲ ਹੀ ਮੰਗ ਕੀਤੀ ਕਿ 3 ਸਤੰਬਰ 2024 ਦੀ ਰੈਲੀ ਕਰਕੇ ਹੱਕੀ ਮੰਗਾਂ ਦੀ ਪ੍ਰਾਪਤੀ ਲਈ ਸੰਘਰਸ਼ੀ ਸਾਥੀਆ ਤੇ ਝੂਠੇ ਕੇਸ ਪਾਉਣ ਦੀ ਨਿਖੇਧੀ ਕੀਤੀ ਗਈ ਅਤੇ ਚਿਤਾਵਨੀ ਦਿੰਦਿਆ ਆਖਿਆ ਕਿ ਕੇਸ ਵਾਪਸ ਨਾ ਲਿਆ ਗਿਆ ਤਾਂ ਸਰਕਾਰ ਨੂੰ ਇਸ ਦਾ ਖਮਿਆਜ਼ਾ ਵੀ ਭੁਗਤਨਾ ਪਵੇਗਾ।

ਰੋਜ਼ਾਨਾ ਲੋਕ ਬਾਣੀ www.lokbani

# 50 ਹਜਾਰ ਰਿਸ਼ਵਤ ਲੈਂਦੇ ਹੋਏ ਸਹਾਇਕ ਟਾਊਨ ਪਲਾਨਰ ਹਰਜਿੰਦਰ ਸਿੰਘ ਵਿਜੀਲੈਂਸ ਬਿਊਰੋ ਵੱਲੋਂ ਕਾਬੂ



ਅੰਮ੍ਰਿਤਸਰ, (ਲੋਕ ਬਾਣੀ)- ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਵਿੱਢੀ ਮੁਹਿੰਮ ਦੌਰਾਨ ਪੰਜਾਬ ਵਿਜੀਲੈਂਸ ਬਿਊਰੋ ਨੇ ਅੱਜ ਨਗਰ ਨਿਗਮ ਅੰਮ੍ਰਿਤਸਰ ਵਿਖੇ ਤਾਇਨਾਤ ਸਹਾਇਕ ਟਾਊਨ ਪਲਾਨਰ (ਏ.ਟੀ.ਪੀ.) ਹਰਜਿੰਦਰ ਸਿੰਘ ਨੂੰ 50,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਮੁਲਜ਼ਮ ਨੂੰ ਸਾਈ ਕਿਰਨ ਵਾਸੀ ਸੰਧੂ ਐਵੀਨਿਊ, ਬਟਾਲਾ ਰੋਡ, ਅੰਮ੍ਰਿਤਸਰ ਸ਼ਹਿਰ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ ਤੇ ਗ੍ਰਿਫ਼ਤਾਰ ਕੀਤਾ ਗਿਆ ਹੈ।

ਉਨ੍ਹਾਂ ਅੱਗੇ ਦੱਸਿਆ ਕਿ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕਰਕੇ ਦੋਸ਼ ਲਾਇਆ ਹੈ ਕਿ ਉਸ (ਸ਼ਿਕਾਇਤਕਰਤਾ) ਵੱਲੋਂ ਕੋਟ ਖਾਲਸਾ, ਅੰਮ੍ਰਿਤਸਰ ਵਿਖੇ ਬਣਾਈ ਜਾ ਰਹੀ ਕਲੋਨੀ ਲਈ ਇਤਰਾਜ਼ ਹੀਣਤਾ ਸਰਟੀਫਿਕੇਟ (ਐਨ.ਓ.ਸੀ.) ਜਾਰੀ ਕਰਨ ਬਦਲੇ ਉਕਤ ਮੁਲਜ਼ਮ ਨੇ ਪਹਿਲਾਂ ਵੀ 5 ਲੱਖ ਰੁਪਏ ਦੀ ਰਿਸ਼ਵਤ ਲਈ ਸੀ। ਉਨ੍ਹਾਂ ਅੱਗੇ ਕਿਹਾ ਕਿ ਮੁਲਜ਼ਮ ਨੇ ਫਿਰ ਤੋਂ ਐਨ.ਓ.ਸੀ. ਸਬੰਧੀ ਸ਼ਰਤਾਂ ਪੂਰੀਆਂ ਕਰਨ ਬਦਲੇ 2 ਲੱਖ ਰੁਪਏ ਰਿਸ਼ਵਤ ਦੀ ਮੰਗ ਕੀਤੀ।

ਬੁਲਾਰੇ ਨੇ ਦੱਸਿਆ ਕਿ ਮੁੱਢਲੀ ਜਾਂਚ ਉਪਰੰਤ ਵਿਜੀਲੈਂਸ ਬਿਊਰੋ ਨੇ ਜਾਲ ਵਿਛਾਇਆ ਅਤੇ ਉਕਤ ਮੁਲਜ਼ਮ ਨੂੰ ਦੋ ਸਰਕਾਰੀ ਗਵਾਹਾਂ ਦੀ ਮੌਜੂਦਗੀ ਵਿੱਚ ਸ਼ਿਕਾਇਤਕਰਤਾ ਕੋਲੋਂ 50,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕਰ ਲਿਆ।

ਉਨ੍ਹਾਂ ਅੱਗੇ ਦੱਸਿਆ ਕਿ ਇਸ ਸਬੰਧੀ ਏ.ਟੀ.ਪੀ ਵਿਰੁੱਧ ਵਿਜੀਲੈਂਸ ਬਿਊਰੋ ਦੇ ਥਾਣਾ ਅੰਮ੍ਰਿਤਸਰ ਰੇਂਜ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮੁਕੱਦਮਾ ਦਰਜ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਮੁਲਜ਼ਮਾਂ ਨੂੰ ਭਲਕੇ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ ਅਤੇ ਇਸ ਮਾਮਲੇ ਦੀ ਹੋਰ ਜਾਂਚ ਜਾਰੀ ਹੈ।

ਰੋਜ਼ਾਨਾ ਲੋਕ ਬਾਣੀ www.lokbani

# ਸ਼੍ਰੀ ਗੁਰੂ ਅਮਰਦਾਸ ਜੀ ਦੇ ਜੋਤੀ ਜੋਤ ਦਿਵਸ ਦੀ 450 ਸਾਲਾ ਸ਼ਤਾਬਦੀ ਮੌਕੇ ਸ਼੍ਰੀ ਗੁਰੂ ਰਾਮਦਾਸ ਸੇਵਾ ਸੁਸਾਇਟੀ, ਨਵਾਂਸ਼ਹਿਰ ਵੱਲੋਂ ਲਗਾਏ ਗਏ ਬੂਟੇ

ਸਹੀਦ ਭਗਤ ਸਿੰਘ ਨਗਰ (ਰਮੇਸ ਸਰਮਾ£ਮਨਪ੍ਰੀਤ ਵਾਸੂ) ਸ਼੍ਰੀ ਗੁਰੂ ਰਾਮਦਾਸ ਸੇਵਾ ਸੁਸਾਇਟੀ, ਨਵਾਂਸ਼ਹਿਰ ਵੱਲੋਂ ਸ਼੍ਰੀ ਗੁਰੂ ਅਮਰਦਾਸ ਜੀ ਦੇ ਜੋਤੀ ਜੋਤ ਦਿਵਸ ਦੀ 450 ਸਾਲਾ ਸ਼ਤਾਬਦੀ ਮੌਕੇ ਸਬਜ਼ੀ ਮੰਡੀ, ਨਵਾਂਸ਼ਹਿਰ ਦੇ ਨਜ਼ਦੀਕ ਡਿਵਾਈਡਰ 'ਤੇ ਬੂਟੇ ਲਗਾ ਕੇ ਮਨਾਇਆ ਗਿਆ । ਇਸ ਮੌਕੇ ਸੁਸਾਇਟੀ ਪ੍ਰਧਾਨ ਸ. ਸੁਖਵਿੰਦਰ ਸਿੰਘ ਥਾਂਦੀ ਨੇ ਸ਼੍ਰੀ ਗੁਰੂ ਅਮਰਦਾਸ ਜੀ ਦੇ ਜੋਤੀ ਜੋਤ ਦਿਵਸ ਦੀ 450 ਸਾਲਾ ਸ਼ਤਾਬਦੀ ਮੌਕੇ ਗੁਰੂ ਸਾਹਿਬ ਨੂੰ ਕੋਟ - ਕੋਟ ਪ੍ਰਣਾਮ ਕੀਤਾ ਅਤੇ ਕਿਹਾ ਕਿ ਇਸ ਮੌਕੇ ਗੁਰੂ ਸਾਹਿਬ ਜੀ ਦੀ ਯਾਦ ਵਿੱਚ ਅਤੇ ਵਾਤਾਵਰਨ ਦੀ ਸ਼ੁੱਧਤਾ ਦੇ ਲਈ ਬੂਟੇ ਲਗਾਏ ਗਏ । ਇਸ ਮੌਕੇ ਗੁਰੂ ਕੀ ਰਸੋਈ ਤੋਂ ਸਰਪ੍ਰਸਤ ਸ. ਸੁਖਵਿੰਦਰ ਸਿੰਘ ਸਿਆਣ ਅਤੇ ਗੁਰਪ੍ਰੀਤ ਸਿੰਘ ਨੇ ਸ਼੍ਰੀ ਗੁਰੂ ਰਾਮਦਾਸ ਸੇਵਾ ਸੁਸਾਇਟੀ, ਨਵਾਂਸ਼ਹਿਰ ਵੱਲੋਂ ਵਾਤਾਵਰਣ ਦੀ ਸੰਭਾਲ ਲਈ ਕੀਤੇ ਜਾ ਰਹੇ ਕਾਰਜਾਂ ਦੀ ਸ਼ਲਾਘਾ ਕੀਤੀ ਅਤੇ ਨਾਲ ਬੂਟੇ ਲਗਵਾਏ । ਉਨ੍ਹਾਂ ਅਪੀਲ ਕੀਤੀ ਕਿ ਹਰ ਇਕ ਨੂੰ ਵਾਤਾਵਰਨ ਦੀ ਸੰਭਾਲ ਸਬੰਧੀ ਇਹਨਾਂ ਤੋਂ ਪ੍ਰੇਰਨਾ ਲੈਣੀ ਚਾਹੀਦੀ ਹੈ ਅਤੇ ਸਹਿਯੋਗ ਕਰਨਾ ਚਾਹੀਦਾ ਹੈ । ਇਸ ਮੌਕੇ ਅਮਰਜੀਤ ਸਿੰਘ ਖਾਲਸਾ ਨੇ ਦੱਸਿਆ ਗੁਰੂ ਨਾਨਕ ਦੇਵ ਜੀ ਦੀ ਤੀਜੀ ਜੋਤ ਗੁਰੂ ਅਮਰ ਦਾਸ ਜੀ ਅਤਿ ਸੀਤਲ ਸੁਭਾ, ਨਿਮਰਤਾ ,ਇਕ ਰਸ ਭਗਤੀ ਦੇ ਧਾਰਨੀ , ਮਨੁਖਤਾ ਦਾ ਭਲਾ ਸੋਚਣ ਵਾਲੇ ਤੇ ਗਰੀਬਾਂ ਤੇ ਦੁਖੀਆਂ ਲਈ ਅਥਾਹ ਹਮਦਰਦੀ ਰਖਣ ਵਾਲੇ ਦਰਿਆ ਦਿਲ , ਸਿਖਾਂ ਦੇ ਤੀਜੇ ਪਾਤਸ਼ਾਹ ਗੁਰੂ ਅਮਰ ਦਾਸ ਜੀ ਨੇ ਗੁਰੂ ਅੰਗਦ ਦੇਵ ਜੀ ਤੋਂ ਬਾਅਦ ਗੁਰਤਾਗਦੀ ਸੰਭਾਲੀ 1 ਓਨ੍ਹਾ ਦਾ ਸਿਮਰਨ , ਸੇਵਾ ਤੇ ਗੁਰਮਤਿ ਦਾ ਗਿਆਨ ਦੇਖਕੇ ਗੁਰੂ ਅੰਗਦ ਦੇਵ ਜੀ ਨੇ ਇਕ ਮੋਕੇ ਤੇ , ਗੁਰਗਦੀ ਤੋ ਪਹਿਲਾਂ ਹੀ ,ਨਿਮਾਣਿਆ ਦੇ ਮਾਣ, ਨਿਤਾਣਿਆਂ ਦੇ ਤਾਣ,ਨਿਥਾਵਿਆਂ ਦੀ ਥਾਂ , ਨਿਓਟਿਆਂ ਦੀ ਓਟ , ਨਿਆਸਰਿਆਂ ਦੇ ਆਸਰੇ , ਨਿਪਤਿਆਂ ਦੀ ਪਤ ,ਨਿਗਤਿਆਂ ਦੀ ਗਤ ਆਦਿ ਕਈ ਬਖਸ਼ਿਸ਼ਾ ਨਾਲ ਨਿਵਾਜਿਆ । ਗੁਰੂ ਅਮਰਦਾਸ ਜੀ ਨੇ ਮਿਤੀਂ 30.8.1574 ਨੂੰ ਭਾਈ ਜੇਠਾ ਜੀ ਨੂੰ ਗੁਰਿਆਈ ਸੌਂਪੀ ਤੇ ਪਹਿਲੀ ਸਤੰਬਰ 1574 ਨੂੰ ਜੋਤੀ ਜੋਤ ਸਮਾ ਗਏ । ਇਸ ਤਰਾਂ ਭਾਈ



ਜੇਠਾ ਜੀ ਗੁਰੂ ਰਾਮਦਾਸ ਸਾਹਿਬ ਬਣ ਗਏ। ਗੁਰੂ ਅਮਰਦਾਸ ਜੀ ਨੇ ਚਉਪਦੇ, ਸੋਹਲੇ, ਅਸ਼ਟਪਦੀਆਂ, ਕਾਫੀਆਂ ਅਤੇ ਛੰਦ ਲਿਖੇ। ਉਹਨਾਂ ਪੱਟੀ,ਵਾਰਾਂ ਅਤੇ ਸਲੋਕਾਂ ਦੀ ਵੀ ਰਚਨਾ ਕੀਤੀ। ਇਸ ਤੋ ਇਲਾਵਾ ਆਹਲੁਣੀਆ ਅਤੇ ਆਨੰਦ ਸਾਹਿਬ ਦੀ ਰਚਨਾ ਕੀਤੀ। ਗੁਰੂ ਜੀ ਦੇ ਉਪਦੇਸ਼ ਇਸ ਤਰਾਂ ਹਨ- ਸਭ ਦਾ ਭਲਾ ਚਾਹੁਣਾ, ਤਨ ਨਾਲ ਦਸਾਂ ਨੌਹਾਂ ਦੀ ਕਿਰਤ ਕਰਕੇ ਸਾਧ ਸੰਗਤ ਦੀ ਸੇਵਾ ਕਰਨੀ, ਅੰਨ ਦਾਨ ਕਰਨਾ , ਮਨ ਨਾਲ ਪ੍ਰਭੂ ਦੀ ਭਗਤੀ ਅਤੇ ਸਤਿਨਾਮ ਦਾ ਸਿਮਰਨ ਕਰਨਾ । ਅੰਮ੍ਰਿਤ ਵੇਲੇ ਇਸ਼ਨਾਨ ਕਰਨਾ ਤੇ ਇਕ ਮਨ ਹੋ ਕੇ ਗੁਰੂ ਸ਼ਬਦ ਦੀ ਵਿਚਾਰ ਕਰਨੀ। ਬੁਰੇ ਦਾ ਭਲਾ ਕਰਨਾ, ਸਦਾ ਮਿੱਠਾ ਬੋਲਣਾ। ਗੁਰੂ ਜੀ ਦੇ ਉਪਦੇਸ਼ਾਂ ਤੇ ਅਮਲ ਕਰਕੇ ਹਰ ਪ੍ਰਾਣੀ ਆਪਣਾ ਜੀਵਨ ਸੁਖੀ ਬਣਾ ਸਕਦਾ ਹੈ । ਸਾਨੂੰ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਤੇ ਪਹਿਰਾ ਦੇਣਾ ਚਾਹੀਦਾ ਹੈ । ਇਸ ਮੌਕੇ ਸੁਖਵਿੰਦਰ ਸਿੰਘ ਥਾਂਦੀ, ਸੁਖਵਿੰਦਰ ਸਿੰਘ ਸਿਆਣ, ਗੁਰਪ੍ਰੀਤ ਸਿੰਘ, ਅਮਰਜੀਤ ਸਿੰਘ, ਇੰਦਰਜੀਤ ਸਿੰਘ, ਦੀਪਕ, ਆਜ਼ਾਦ, ਕੁਲਦੀਪ ਸਿੰਘ ਆਦਿ ਹਾਜ਼ਰ ਸਨ ।

ਰੋਜ਼ਾਨਾ ਲੋਕ ਬਾਣੀ www.lokbani

# ਭਾਜਪਾ ਜ਼ਿਲ੍ਹਾ ਪ੍ਰਧਾਨ ਅਜੈਵੀਰ ਸਿੰਘ ਲਾਲਪੁਰਾ ਨੇ ਬੀਬੀਐਮਬੀ ਚੇਅਰਮੈਨ ਨਾਲ ਕੀਤੀ ਮੁਲਾਕਾਤ, ਨੰਗਲ ਨੂੰ ਸੈਲਾਨੀ ਕੇਂਦਰ ਵਜੋਂ ਵਿਕਸਿਤ ਕਰਨ ਦੀ ਕੀਤੀ ਅਪੀਲ



ਸ੍ਰੀ ਅਨੰਦਪੁਰ ਸਾਹਿਬ, (ਦਵਿੰਦਰਪਾਲ ਸਿੰਘ): ਅੱਜ, ਭਾਜਪਾ ਜ਼ਿਲ੍ਹਾ ਰੂਪਨਗਰ ਦੇ ਪ੍ਰਧਾਨ ਅਜੈਵੀਰ ਸਿੰਘ ਲਾਲਪੁਰਾ ਨੇ ਬੀਬੀਐਮਬੀ (ਭਾਖੜਾ ਬਿਆਸ ਪ੍ਰਬੰਧਨ ਬੋਰਡ) ਦੇ ਚੇਅਰਮੈਨ ਸ੍ਰੀ ਮਨੋਜ ਤ੍ਰਿਪਾਠੀ ਨਾਲ ਮੁਲਾਕਾਤ ਕੀਤੀ। ਇਸ ਮੀਟਿੰਗ ਵਿੱਚ ਉਨ੍ਹਾਂ ਨੇ ਨੰਗਲ ਦੇ ਸਥਾਨਕ ਨਿਵਾਸੀਆਂ ਦੀਆਂ ਸਮੱਸਿਆਵਾਂ ਬਾਰੇ ਵਿਚਾਰ-ਵਟਾਂਦਰਾ ਕੀਤਾ ਅਤੇ ਨੰਗਲ ਨੂੰ ਇੱਕ ਸੈਲਾਨੀ ਕੇਂਦਰ ਵਜੋਂ ਸਥਾਪਤ ਕਰਨ ਦੀ ਅਪੀਲ ਕੀਤੀ।

ਅਜੈਵੀਰ ਸਿੰਘ ਲਾਲਪੁਰਾ ਨੇ ਚੇਅਰਮੈਨ ਨੂੰ ਬੇਨਤੀ ਕੀਤੀ ਕਿ ਨੰਗਲ ਨੂੰ ਇੱਕ ਸੈਲਾਨੀ ਕੇਂਦਰ ਵਜੋਂ ਵਿਕਸਿਤ ਕੀਤਾ ਜਾਵੇ ਤਾਂ ਕਿ ਇੱਥੇ ਰੋਜ਼ਗਾਰ ਦੇ ਮੌਕੇ ਅਤੇ ਵਪਾਰਕ ਗਤੀਵਿਧੀਆਂ ਵਿੱਚ ਵਾਧਾ ਹੋ ਸਕੇ। ਉਨ੍ਹਾਂ ਕਿਹਾ ਕਿ ਨੰਗਲ ਦੀ ਸੁੰਦਰਤਾ ਅਤੇ ਭਾਖੜਾ ਬੰਨ੍ਹ ਦੀ ਮਹੱਤਾ ਨੂੰ ਵੇਖਦਿਆਂ ਇਸਨੂੰ ਪ੍ਰਚੰਡ ਕੇਂਦਰ ਬਣਾਉਣ ਨਾਲ ਨਾ ਸਿਰਫ ਸਥਾਨਕ ਲੋਕਾਂ ਨੂੰ ਰੋਜ਼ਗਾਰ ਮਿਲੇਗਾ, ਬਲਕਿ ਇਸ ਖੇਤਰ ਦੀ ਆਰਥਿਕ ਸਥਿਤੀ ਵੀ ਸੁਧਰੇਗੀ।

ਬੀਬੀਐਮਬੀ ਚੇਅਰਮੈਨ ਸ੍ਰੀ ਮਨੋਜ ਤ੍ਰਿਪਾਠੀ ਨੇ ਅਜੈਵੀਰ ਸਿੰਘ ਲਾਲਪੁਰਾ ਨੂੰ ਵਿਸ਼ਵਾਸ ਦਿਵਾਇਆ ਕਿ ਜਲਦੀ ਹੀ ਨੰਗਲ ਨੂੰ ਇੱਕ ਸੈਲਾਨੀ ਸਥਾਨ ਵਜੋਂ ਵਿਕਸਿਤ ਕੀਤਾ ਜਾਵੇਗਾ। ਉਨ੍ਹਾਂ ਇਹ ਵੀ ਕਿਹਾ ਕਿ ਭਾਖੜਾ ਦੀ ਰੇਲਗੱਡੀ ਨੂੰ ਇੱਕ ਪ੍ਰਚੰਡ ਰੇਲਗੱਡੀ ਵਜੋਂ ਅਪਗ੍ਰੇਡ ਕੀਤਾ ਜਾਵੇਗਾ, ਜਿਸ ਨਾਲ ਸੈਲਾਨੀਆਂ ਨੂੰ ਆਕਰਸ਼ਿਤ ਕੀਤਾ ਜਾ ਸਕੇ ਅਤੇ ਖੇਤਰ ਵਿੱਚ ਟੂਰਿਜ਼ਮ ਵਿਚ ਵਾਧਾ ਹੋਵੇ।

ਇਸ ਮਹੱਤਵਪੂਰਨ ਮੀਟਿੰਗ ਤੋਂ ਬਾਅਦ, ਅਜੈਵੀਰ ਸਿੰਘ ਲਾਲਪੁਰਾ ਨੇ ਮੀਡੀਆ ਨਾਲ ਗੱਲਬਾਤ ਦੌਰਾਨ ਕਿਹਾ ਕਿ ਇਹ ਕਦਮ ਨੰਗਲ ਅਤੇ ਉਸਦੇ ਆਸ-ਪਾਸ ਦੇ ਖੇਤਰਾਂ ਦੇ ਵਿਕਾਸ ਵਿੱਚ ਇੱਕ ਮੀਲ ਪੱਥਰ ਸਾਬਤ ਹੋਵੇਗਾ। ਉਨ੍ਹਾਂ ਬੀਬੀਐਮਬੀ ਚੇਅਰਮੈਨ ਸ੍ਰੀ ਮਨੋਜ ਤ੍ਰਿਪਾਠੀ ਦਾ ਧੰਨਵਾਦ ਕੀਤਾ ਅਤੇ ਉਮੀਦ ਜਤਾਈ ਕਿ ਨੰਗਲ ਜਲਦੀ ਹੀ ਇੱਕ ਪ੍ਰਮੁੱਖ ਪ੍ਰਚੰਡ ਸਥਾਨ ਵਜੋਂ ਉਭਰੇਗਾ।

# ਪਰਾਲ਼ੀ ਨਾ ਸਾੜਨ ਪ੍ਰਤੀ ਜਾਗਰੂਕਤਾ ਰੈਲੀ ਕੱਢੀ





ਫਗਵਾੜਾ (ਜੀਵਨ ਸੰਘਾ/ਸੁਸ਼ੀਲ ਸ਼ਰਮਾ) ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਜਗਤਪੁਰ ਜੱਟਾਂ ਵਿਖੇ ਈਕੋ ਕਲੱਬ ਵੱਲੋਂ ਪਰਾਲੀ ਨਾ ਸਾੜਨ ਸਬੰਧੀ ਜਾਗਰੂਕਤਾ ਰੈਲੀ ਕੱਢੀ ਗਈ। ਨਾਈਟਨਗੇਲ ਈਕੋ ਕਲੱਬ ਦੇ ਇੰਚਾਰਜ ਕਮਲਪ੍ਰੀਤ ਕੌਰ ਦੀ ਨਿਗਰਾਨੀ ਹੇਠ ਵਿਦਿਆਰਥੀਆਂ ਨੇ ਹੱਥਾਂ ਵਿੱਚ ਝੋਨੇ ਪਰਾਲੀ ਸਾੜਨ ਨਾਲ ਹੋਣ ਵਾਲੇ ਮਾੜੂ ਪ੍ਰਭਾਵਾਂ ਨੂੰ ਦਰਸਾਉਂਦੀਆਂ ਤਖ਼ਤੀਆਂ ਅਤੇ ਨਾਰਿਆਂ ਨਾਲ ਪਿੰਡ ਵਾਸੀਆਂ ਨੂੰ ਜਾਗਰੂਕ ਕੀਤਾ। ਇਸ ਰੈਲੀ ਦੌਰਾਨ ਇੰਚਾਰਜ ਊਸ਼ਾ ਰਾਣੀ, ਜਸਵਿੰਦਰ ਸਿੰਘ, ਅਮਰਜੀਤ ਕੌਰ, ਅਰਜਨਜੀਤ ਸਿੰਘ, ਕਿਰਨ ਬਾਲਾ, ਅਮਨਪ੍ਰੀਤ ਕੌਰ, ਸੰਦੀਪ ਕੌਰ,ਰਣਜੀਤ ਸਿੰਘ, ਗੁਰਪ੍ਰੀਤ ਸਿੰਘ,ਗੌਰਵ ਸ਼ਰਮਾ,ਸਮੂਹ ਸਟਾਫ਼ ਅਤੇ ਵਿਦਿਆਰਥੀ ਹਾਜ਼ਰ ਸਨ।

# ਗੁਰਦਾਸਪੁਰ ਤੋਂ ਸੰਸਦ ਮੈਂਬਰ ਸੁਖਜਿੰਦਰ ਰੰਧਾਵਾ ਵੱਲੋਂ ਅਸ਼ੋਕ ਚੌਧਰੀ ਨੂੰ ਜ਼ਿਲ੍ਹਾ ਵਿਕਾਸ ਤਾਲਮੇਲ ਅਤੇ ਨਿਗਰਾਨ ਕਮੇਟੀ ਦਾ ਮੈਂਬਰ ਐਲਾਨਿਆ।



ਦੀਨਾਨਗਰ (ਡਾ.ਰਮੇਸ਼ ਸਰੰਗਲ ) ਗੁਰਦਾਸਪੁਰ ਤੋਂ ਸੰਸਦ ਮੈਂਬਰ ਸੁਖਜਿੰਦਰ ਰੰਧਾਵਾ ਵੱਲੋਂ ਅਸ਼ੋਕ ਚੌਧਰੀ ਨੂੰ ਜ਼ਿਲ੍ਹਾ ਵਿਕਾਸ ਤਾਲਮੇਲ ਅਤੇ ਨਿਗਰਾਨ ਕਮੇਟੀ ਦਾ ਮੈਂਬਰ ਨਿਯੁਕਤ ਕੀਤਾ ਗਿਆ ਹੈ।

ਦੱਸਣਯੋਗ ਹੈ ਕਿ ਅਸ਼ੋਕ ਚੌਧਰੀ ਵਿਧਾਇਕਾ ਅਤੇ ਸਾਬਕਾ ਕੈਬਨਿਟ ਮੰਤਰੀ ਅਰੁਨਾ ਚੌਧਰੀ ਦੇ ਪਤੀ ਹਨ ਅਤੇ ਬਹੁਤ ਹੀ ਇਮਾਨਦਾਰੀ ਨਾਲ ਉਨ੍ਹਾਂ ਨੇ ਆਪਣੀ ਨੌਕਰੀ ਦੌਰਾਨ ਸੇਵਾਵਾਂ ਨਿਭਾਈਆਂ ਹਨ ਜਦ ਕਿ ਹੁਣ ਸੇਵਾ ਮੁਕਤ ਹੋ ਕੇ ਕਾਂਗਰਸ ਪਾਰਟੀ ਚ ਵੀ ਉਨ੍ਹਾਂ ਦਾ ਵਧੀਆ ਕੱਦ ਹੈ। ਸੁਖਜਿੰਦਰ ਸਿੰਘ ਰੰਧਾਵਾ ਜ਼ਿਲ੍ਹਾ ਵਿਕਾਸ ਤਾਲਮੇਲ ਅਤੇ ਨਿਗਰਾਨ ਕਮੇਟੀ ਗੁਰਦਾਸਪੁਰ ਦੇ ਚੇਅਰਮੈਨ ਹਨ ਜਿਸ ਕਰਕੇ ਉਨ੍ਹਾਂ ਵੱਲੋਂ ਸੀਨੀਅਰ ਨੇਤਾ ਅਸ਼ੋਕ ਚੌਧਰੀ ਨੂੰ ਇਸ ਅਹੁਦੇ ਵਜੋਂ ਐਲਾਨਿਆ ਹੈ।

# ਲਾਇਨਜ਼ ਕਲੱਬ ਫਗਵਾੜਾ ਚੈਂਪੀਅਨ ਦਾ ਸਮਾਜ ਨੂੰ ਸਾਰਥਕ ਸੁਨੇਹਾ

## ਲਾਇਨ ਸਤਵਿੰਦਰ ਸਿੰਘ ਭਮਰਾ ਨੇ ਸਲੱਮ ਬਸਤੀ ਦੇ ਛੋਟੇ ਬੱਚਿਆਂ ਨਾਲ ਮਨਾਇਆ ਆਪਣਾ ਜਨਮ ਦਿਨ




ਫਗਵਾੜਾ (ਜੀਵਨ ਸੰਘਾ/ਸੁਸ਼ੀਲ ਸ਼ਰਮਾ) ਲਾਇਨਜ਼ ਇੰਟਰਨੈਸ਼ਨਲ 321-ਡੀ ਦੀ ਨਵੀਂ ਬਣੀ ਲਾਇਨਜ਼ ਕਲੱਬ ਫਗਵਾੜਾ ਚੈਂਪੀਅਨ ਦੇ ਪੀ.ਆਰ.ਓ. ਲਾਇਨ ਸਤਵਿੰਦਰ ਸਿੰਘ ਭਮਰਾ ਨੇ ਆਪਣਾ ਜਨਮ ਦਿਨ ਸਲੱਮ ਬਸਤੀ ਦੇ ਨੰਨ੍ਹੇ ਬੱਚਿਆਂ ਦੇ ਨਾਲ ਮਨਾ ਕੇ ਸਮਾਜ ਨੂੰ ਇੱਕ ਚੰਗਾ ਸੁਨੇਹਾ ਦਿੱਤਾ ਹੈ। ਕਲੱਬ ਦੇ ਚਾਰਟਰ ਪ੍ਰਧਾਨ ਲਾਇਨ ਸੰਜੀਵ ਸੂਰੀ ਦੀ ਅਗਵਾਈ 'ਚ ਆਯੋਜਿਤ ਇਸ ਪ੍ਰੋਜੈਕਟ ਦੇ ਡਾਇਰੈਕਟਰ ਵੀ ਖੁਦ ਲਾਇਨ ਸਤਵਿੰਦਰ ਸਿੰਘ ਭਮਰਾ ਸਨ। ਇਸ ਦੌਰਾਨ ਲਾਇਨਜ਼ ਇੰਟਰਨੈਸ਼ਨਲ 321-ਡੀ ਡਿਸਟ੍ਰਿਕਟ ਚੇਅਰਮੈਨ (ਪੀਸ ਪੋਸਟਰ) ਲਾਇਨ ਗੁਰਦੀਪ ਸਿੰਘ ਕੰਗ ਐਮ.ਜੇ.ਐਫ. ਵਿਸ਼ੇਸ਼ ਤੌਰ 'ਤੇ ਹਾਜ਼ਰ ਆਏ। ਉਹਨਾਂ ਨੇ ਲਾਇਨ ਸਤਵਿੰਦਰ ਸਿੰਘ ਭਮਰਾ ਨੂੰ ਜਨਮ ਦਿਨ ਦੀਆਂ ਸ਼ੁਭ ਕਾਮਨਾਵਾਂ ਦਿੱਤੀਆਂ ਅਤੇ ਨਿੱਕੇ-ਨਿੱਕੇ ਬੱਚਿਆਂ ਨੂੰ ਪੇਸਟਰੀ, ਬਿਸਕੁਟ, ਚਿਪਸ ਅਤੇ ਜੂਸ ਭੇਂਟ ਕਰਦਿਆਂ ਉਨ੍ਹਾਂ ਕਿਹਾ ਕਿ ਗਰੀਬ ਬੱਚਿਆਂ ਨਾਲ ਜਨਮ ਦਿਨ ਦੀਆਂ ਖੁਸ਼ੀਆਂ ਸਾਂਝੀਆਂ ਕਰਨਾ ਇੱਕ ਚੰਗਾ ਉਪਰਾਲਾ ਹੈ। ਜਿਸ ਤੋਂ ਸਭ ਨੂੰ ਪ੍ਰੇਰਨਾ ਲੈਣੀ ਚਾਹੀਦੀ ਹੈ। ਉਹਨਾਂ ਨੇ ਦੱਸਿਆ ਕਿ ਉਹ ਖੁਦ ਆਪਣਾ ਅਤੇ ਆਪਣੇ ਪੁੱਤਰ ਪ੍ਰਨਬ ਕੰਗ ਦਾ ਜਨਮ ਦਿਨ ਹਰ ਸਾਲ ਇਸੇ ਤਰ੍ਹਾਂ ਸਮਾਜ ਸੇਵਾ ਨੂੰ ਸਮਰਪਿਤ ਕਰਕੇ ਮਨਾਉਂਦੇ ਹਨ। ਕਲੱਬ ਦੇ ਚਾਰਟਰ ਪ੍ਰਧਾਨ ਲਾਇਨ ਸੰਜੀਵ ਸੂਰੀ ਅਤੇ ਕਲੱਬ ਦੇ ਹੋਰ ਅਹੁਦੇਦਾਰਾਂ ਤੇ ਮੈਂਬਰ ਨੇ ਵੀ ਲਾਇਨ ਸਤਵਿੰਦਰ ਸਿੰਘ ਭਮਰਾ ਨੂੰ ਜਨਮ ਦਿਨ ਦੀ ਵਧਾਈ ਦਿੰਦੇ ਹੋਏ ਆਪਣਾ ਜਨਮ ਦਿਨ ਵੀ ਇਸੇ ਤਰ੍ਹਾਂ ਸਮਾਜ ਸੇਵਾ ਨੂੰ ਸਮਰਪਿਤ ਕਰਨ ਦੀ ਗੱਲ ਕਹੀ। ਉਨ੍ਹਾਂ ਨੇ ਪੂਰੇ ਜੋਸ਼ ਅਤੇ ਵਿਸ਼ਵਾਸ ਨਾਲ ਕਿਹਾ ਕਿ ਬੇਸ਼ੱਕ ਉਨ੍ਹਾਂ ਦੀ ਕਲੱਬ ਅਜੇ ਨਵੀਂ ਹੈ ਪਰ ਜਲਦੀ ਹੀ ਸਮਾਜਿਕ ਗਤੀਵਿਧੀਆਂ ਵਿੱਚ ਮੋਹਰੀ ਸਥਾਨ ਹਾਸਲ ਕਰਕੇ ਡਿਸਟ੍ਰਿਕਟ 321-ਡੀ ਦੀ ਮਾਣਮੱਤੀ ਕਲੱਬ ਬਣੇਗੀ। ਇਸ ਮੌਕੇ ਕਲੱਬ ਦੇ ਸਕੱਤਰ ਲਾਇਨ ਦਿਨੇਸ਼ ਖਰਬੰਦਾ, ਕੈਸ਼ੀਅਰ ਲਾਇਨ ਅਜੇ ਕੁਮਾਰ, ਲਾਇਨ ਰਣਧੀਰ ਕਰਵਲ, ਲਾਇਨ ਮਨੋਜ ਕੁਮਾਰ, ਲਾਇਨ ਧਰਮਪਾਲ ਨਿਸ਼ਚਲ, ਲਾਇਨ ਵਿੱਕੀ ਚੁੰਬਰ ਆਦਿ ਹਾਜ਼ਰ ਸਨ।

ਅਦਾਰਾ ਰੋਜ਼ਾਨਾ ਲੋਕ ਬਾਣੀ ਅਖਬਾਰ ਵਿੱਚ ਛਾਪੀਆਂ ਜਾਂਦੀਆ ਖਬਰਾਂ , ਰਿਪੋਰਟਾਂ , ਲੇਕ, ਕਹਾਣੀਆਂ, ਕਵਿਤਾਵਾ ਅਤੇ ਹਰ ਕਿਸਮ ਦੇ ਇਸ਼ਤਿਹਾਰ ਵਿੱਚ ਦਿੱਤੀ ਗਈ । ਸੂਚਨਾਂ, ਵਿਚਾਰ ਆਦਿ ਨਾਲ ਅਖਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਜ਼ਰੂਰੀ ਨਹੀਂ ਹੈ । ਇਸ ਅਖਬਾਰ ਵਿੱਚ ਛੱਪੇ ਇਸ਼ਤਿਹਾਰ ( ਡਿਸਪਲੇ, ਕਲਾਸੀਫਾਈਡ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜੰਮੇਵਾਰੀ ਨਹੀ ਲੈਦੇ ਕਿਉਂਕਿ ਅਖਬਾਰ ਇੰਨਾ ਨੂੰ ਤਸਦੀਕ ਨਹੀਂ ਕਰਦਾ ਪਾਠਕਾਂ/ਸ਼ੁਭ ਚਿੰਤਕਾ ਨੂੰ ਬੇਨਤੀ ਹੈ । ਕਿ ਉਹ ਇੰਨਾ ਇਸ਼ਤਿਹਾਰਾਂ ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਇੰਨਾਂ ਤੱਥਾਂ ਦੀ ਪੜਤਾਲ , ਪੁਸ਼ਟੀਕਰ ਲੈਣ।ਰੋਜ਼ਾਨਾਲੋਕ ਬਾਣੀ ਚ ਪ੍ਰਕਾਸ਼ਿਤ ਸੱਮਗਰੀ ਅਤੇ ਹੋਰ ਵਾਦ-ਵਿਵਾਦ ਸੰਬਧੀ ਕੇਸਾ ਦਾ ਨਿਪਟਾਰਾ ਸਿਰਫ ਜਲੰਧਰ ਕੋਰਟ ਵਿੱਚ ਹੀ ਹੋਵੇਗਾ, ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀ । ਖਬਰਾਂ ਪ੍ਰਤੀ ਜ਼ਿੰਮੇਵਾਰੀ ਪੱਤਰਕਾਰ ਦੀ ਹੋਵੇਗੀ ।

Daily Lok Bani(Punjabi) R.N.I. Punpun/29016/2008 Editor, owner, Printer , Publisher, Amandeep Mehra , Printed at Rachna Printers , Railway Road Jalandhar Place of Publication :308 Sangam Complex milap Chowk , Jalandhar (India), Contact No.: 0181-2211009, Fax : 2211009, Email id : lokbani08@gmail.com, Editormehra@gmail.com

## .ਗ਼ਜ਼ਲ

ਐਸ਼ ਵੀ ਕੀਤੀ ਤਾਂ ਕੀਤੀ ਰੱਜ ਕੇ।
ਜੇ ਅਸਾਂ ਪੀਤੀ ਤਾਂ ਪੀਤੀ ਰੱਜ ਕੇ।
ਆਸ਼ਕੀ ਦੀ ਅੰਨੀ ਬੋਲੀ ਨੇਰ੍ਹੀਂ,
ਸਾਡੇ ਤੇ ਬੀਤੀ ਤਾਂ ਬੀਤੀ ਰੱਜ ਕੇ।
ਮਿਹਨਤਾਂ ਦੇ ਰੰਗ ਬਿਰੰਗੇ ਧਾਗੇ ਨਾਲ,
ਰੀਝ ਵੀ ਸੀਤੀ ਤਾਂ ਸੀਤੀ ਰੱਜ ਕੇ।
ਲੱਖਾਂ ਕਿਸਮਾਂ ਦੀ ਅਜਬ ਖ਼ੁਸ਼ਬੂ,
ਬਾਗ਼ 'ਚੋਂ ਲੀਤੀ ਤਾਂ ਲੀਤੀ ਰੱਜ ਕੇ।
ਬਾਲਮਾ ਮਟਰ ਗਸ਼ਤੀ ਦੀ ਵੀ ਹੱਦ ਏ,
ਸ਼ਹਿਰ ਵਿਚ ਕੀਤੀ ਤਾਂ ਕੀਤੀ ਰੱਜ ਕੇ।

ਰੋਜ਼ਾਨਾ ਲੋਕ ਬਾਣੀ www.lokbani

ਬਲਵਿੰਦਰ ਬਾਲਮ ਗੁਰਦਾਸਪੁਰ
ਉਂਕਾਰ ਨਗਰ ਗੁਰਦਾਸਪੁਰ ਪੰਜਾਬ
ਐਡਮਿੰਟਨ ਕਨੇਡਾ।

# ਐਕਸਿਸ ਬੈਂਕ ਸੰਤੇਮਾਜਰਾ 'ਚ 42ਵੀਂ ਸ਼ਾਖਾ ਦਾ ਨਗਰ ਕੌਂਸਲ ਪ੍ਰਧਾਨ ਖਰੜ ਜਸਪ੍ਰੀਤ ਕੌਰ ਲੌਂਗੀਆ ਵਲੋਂ ਕੀਤਾ ਉਦਘਾਟਨ



ਖਰੜ, ( ਕਾਲਾ ਸਿੰਘ ਸੈਣੀ ):-ਐਕਸਿਸ ਬੈਂਕ ਵਲੋਂ ਲਾਂਡਰਾਂ ਰੋਡ ਤੇ ਸਥਿਤ ਸੰਤੇਮਾਜਰਾ ਵਿਖੇ ਜਿਲਾ ਮੁਹਾਲੀ ਦੀ 42ਵੀਂ ਨਵੀਂ ਖੋਲੀ ਸ਼ਾਖਾ ਦਾ ਉਦਘਾਟਨ ਨਗਰ ਕੌਂਸਲ ਖਰੜ ਦੀ ਪ੍ਰਧਾਨ ਜਸਪ੍ਰੀਤ ਕੌਰ ਲੌਂਗੀਆ ਵਲੋਂ ਕੀਤਾ ਗਿਆ। ਉਨਾਂ ਬੈਂਕ ਦੇ ਸਮੂਹ ਸਟਾਫ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਸ ਸ਼ਾਖਾ ਨਾਲ ਇਸ ਖੇਤਰ ਦੇ ਵਸਨੀਕਾਂ ਨੂੰ ਲਾਭ ਪੁੱਜੇਗਾ। ਇਸ ਮੌਕੇ ਬੈਂਕ ਦੇ ਕਲੱਸਟਰ ਹੈਡ ਸਤਵਿੰਦਰ ਸਿੰਘ ਸੰਧੂ, ਬੈਕ ਦੇ ਬਰਾਂਚ ਮੈਨੇਜ਼ਰ ਅਰਵਿੰਦ ਕੁਮਾਰ ਨੇ ਦਸਿਆ ਕਿ ਬੈਕ ਦੀਆਂ ਕੁੱਲ 5737 ਬਰਾਂਚ ਦੇਸ਼ ਵਿਚ ਕੰਮ ਕਰ ਰਹੀਆਂ ਹਨ ਅਤੇ ਜਿਲਾ ਮੋਹਾਲੀ ਵਿਚ 42 ਬਰਾਂਚ ਅਤੇ 66 ਵਾਂ ਏ.ਟੀ.ਐਮ.ਹੈ, ਜਦ ਕਿ ਜਿਲੇ ਵਿਚ 41 ਬਰਾਂਚਾਂ ਪਹਿਲਾਂ ਹੀ ਕੰਮ ਕਰ ਰਹੇ ਹਨ। ਉਨਾਂ ਦਸਿਆ ਕਿ ਪੰਜਾਬ ਵਿਚ ਇਸ ਸਮੇਂ ਬੈਂਕ ਦੇ 11 ਕਲੱਸਟਰ ਕੰਮ ਕਰ ਰਹੇ ਹਨ ਜਿਨਾਂ ਤਹਿਤ 201 ਬੈਕ ਦੀਆਂ ਸ਼ਖਾਵਾਂ ਹਨ। ਇਸ ਬੈਕ ਵਿਚ ਪ੍ਰਧਾਨ ਮੰਤਰੀ ਸੁਵਿਧਾਵਾਂ ਸਕੀਮਾਂ, ਕਰਜ਼ਾ, ਵਹੀਕਲ ਲੋਨ, ਕਿਸਾਨ ਕਰੈਡਿਟ ਕਾਰਡ ਸਕੀਮ ਸਮੇਤ ਹਰ ਤਰਾਂ ਦੀ ਸੁਵਿਧਾਵਾਂ ਗਾਹਕਾਂ ਨੂੰ ਮਿਲਣਗੀਆਂ। ਉਨਾਂ ਦਸਿਆ ਕਿ ਬੈਕ ਦੀ ਸਿਹਤ ਬੀਮਾ ਯੋਜਨਾ ਜਿਸ ਵਿਚ ਖਪਤਕਾਰ ਨੂੰ 2499 ਰੁਪਏ ਅਦਾ ਕਰਨੇ ਪੈਣਗੇ ਅਤੇ 30 ਲੱਖ ਦਾ ਬੀਮਾ ਹੋਵੇਗਾ। ਉਨਾਂ ਕਿਹਾ ਕਿ ਬੈਕ ਦਾ ਮੋਟੋ ਆਪਣਾ ਗਾਹਕ ਨਾਲ 'ਦਿਲ ਤੋ ਜੁੜੋ' ਹੈ। ਅੱਜ ਦਾ ਸਮਾਂ ਡਿਜੀਟਲ ਹੈ ਅਤੇ ਬੈਕ ਦੀ ਡਿਜ਼ਟੀਲ ਐਪਲੀਕੇਸ਼ਨ ਵਰਡਲ ਵਿਚ ਨੰਬਰ: 1 ਹੈ ਜਿਸਨੂੰ ਚਲਾਉਣਾ ਸੌਖਾ ਹੈ ਅਤੇ ਨਕਦੀ ਨਹੀਂ ਕਢਾਈ ਜਾ ਸਕਦੀ, ਬਾਕੀ ਸਾਰੀਆਂ ਸਹੂਲਤਾਂ ਇਸ ਐਪਲੀਕੇਸ਼ਨ ਵਿਚ ਉਪਲਬਧ ਹਨ। ਉਨਾਂ ਕਿਹਾ ਕਿ ਜਿਸ ਤਰਾਂ ਨੌਜਵਾਨ ਵਿਦੇਸ਼ਾਂ ਵਿਚ ਪੜਾਈ ਕਰਨ ਲਈ ਜਾ ਰਹੇ ਹਨ ਉਨਾਂ ਦੇ ਬੈਕ ਵਿਚ ਖਾਤੇ ਖੋਲਣਾ ਅਤੇ ਲੌੜ ਪੈਣ ਤੇ ਮਨੀ ਟਰਾਂਸਫਰ ਕਰਨਾ, ਏ.ਟੀ.ਐਮ.ਦੀ ਸਹੂਲਤ ਦੇਣਾ ਆਦਿ ਵਿਸ਼ੇਸ਼ ਲੋੜਾਂ ਪੂਰੀਆਂ ਕਰਨਾ ਹੈ। ਇਸ ਮੌਕੇ ਆਗਿਆਪਾਲ ਸਿੰਘ ਸੇਲਜ਼ ਮੈਨੇਜ਼ਰ, ਕੁਮਾਰ ਗੌਰਵ ਸਰਕਲ ਹੈਡ, ਸ਼ੁਸਾਂਤ ਦੂਆ ਸਰਕਲ ਹੈਡ, ਗੁਰਪ੍ਰੀਤ ਸਿੰਘ ਕਲੱਸਟਰ ਹੈਡ,ਗੁਰਪ੍ਰੀਤ ਸਿੰਘ, ਸਾਬਕਾ ਕੌਂਸਲਰ ਸੁਰਮੁੱਖ ਸਿੰਘ, ਪਰਮਿੰਦਰ ਸਿੰਘ ਲੌਂਗੀਆ, ਸਿਮਰਨਜੀਤ ਸਿੰਘ, ਮਨਿੰਦਰ ਸਿੰਘ, ਮੇਵਾ ਸਿੰਘ, ਗੁਰਮੀਤ ਸਿੰਘ, ਮਨਮੀਤ ਸਿੰਘ, ਬਲਬੀਰ ਸਿੰਘ ਸਮੇਤ ਹੋਰ ਸ਼ਹਿਰ ਨਿਵਾਸੀ ਹਾਜ਼ਰ ਸਨ।

ਰੋਜ਼ਾਨਾ ਲੋਕ ਬਾਣੀ www.lokbani

# ਵਾਤਾਵਰਨ ਪ੍ਰਦੂਸ਼ਿਤ ਹੋਣ ਤੋਂ ਬਚਾਓ, ਬਿਮਾਰੀਆਂ ਤੋਂ ਮੁਕਤੀ ਪਾਓ : ਡਾ. ਰਿਚਾ ਭਾਟੀਆ

## ਇੱਕ ਰੁੱਖ ਮਾਂ ਦੇ ਨਾਂਅ ਤਹਿਤ ਬੂਟੇ ਲਗਾਏ



ਫਗਵਾੜਾ (ਜੀਵਨ ਸੰਘਾ/ਸੁਸ਼ੀਲ ਸ਼ਰਮਾ) ਸਵੱਛਤਾ ਹੀ ਸੇਵਾ ਮੁਹਿਮ ਤਹਿਤਸਾਫ ਹਵਾ ਅਤੇ ਵਾਤਾਵਰਨ ਲਈ ਇਕਜੁੱਟ ਹੋਈਏ ਮਿਸ਼ਨ ਹੇਠ ਸਿਵਲ ਸਰਜਨ ਕਪੂਰਥਲਾ ਡਾ. ਰਿਚਾ ਭਾਟੀਆ ਜੀ ਦੀ ਯੋਗ ਅਗਵਾਈ ਹੇਠ ਅੱਜ ਸਿਵਲ ਸਰਜਨ ਦਫ਼ਤਰ ਕੰਪਲੈਕਸ ਵਿਖੇ ਬੂਟੇ ਲਗਾਏ ਗਏ। ਜ਼ਿਲੇ ਵਿਚ ਇਕ ਰੁੱਖ ਮਾਂ ਦੇ ਨਾਂਅ ਮੁਹਿਮ ਤਹਿਤ ਬੂਟੇ ਲਗਾਉਣ ਦੀ ਸ਼ੁਰੂਆਤ ਕਰਨ ਮੌਕੇ ਹਾਜ਼ਰੀਨਾਂ ਨੂੰ ਸੰਬੋਧਨ ਕਰਦਿਆਂ ਸਿਵਲ ਸਰਜਨ ਕਪੂਰਥਲਾ ਡਾਕਟਰ ਰਿਚਾ ਭਾਟੀਆ ਨੇ ਦੱਸਿਆ ਕਿ ਪ੍ਰਦੂਸ਼ਿਤ ਹਵਾ ਨਾਲ ਦਿਲ, ਫੇਫੜਿਆਂ, ਦਿਮਾਗ ਅਤੇ ਅੱਖਾਂ ਦੀਆਂ ਬਿਮਾਰੀਆਂ ਹੋ ਸਕਦੀਆਂ ਹਨ। ਪ੍ਰਦੂਸ਼ਣ ਨਾਲ ਥੋੜੇ ਸਮੇਂ ਲਈ ਜਿਵੇ ਸਿਰ ਦਰਦ,ਅੱਖਾਂ ਵਿੱਚ ਜਲਣ,ਖੰਘਣਾ,ਸਾਹ ਦਾ ਫੁੱਲਣਾ, ਚਮੜੀ ਤੇ ਜਲਣ ਹੋ ਸਕਦੀ ਹੈ ਅਤੇ ਜਿਆਦਾ ਸਮਾਂ ਪ੍ਰਦੂਸ਼ਿਤ ਵਾਤਾਵਰਨ ਵਿਚ ਬਿਤਾਉਣ ਨਾਲ ਸਟ੍ਰੋਕ,ਦਿਲ ਦੇ ਰੋਗ (ਦਿਲ ਦਾ ਦੌਰਾ), ਸਾਹ ਦੇ ਰੋਗ (ਦਮਾ ਰੋਗ) ਅਤੇ ਫੇਫੜਿਆਂ ਦਾ ਕੈਂਸਰ ਹੋ ਸਕਦਾ ਹੈ। ਸਾਨੂੰ ਸਿਹਤ ਨੂੰ ਪ੍ਰਦੂਸ਼ਿਤ ਹਵਾ ਤੋਂ ਬਚਾਅ ਲਈ ਆਪਣੇ ਆਲੇ-ਦੁਆਲੇ ਵੱਧ ਤੋਂ ਵੱਧ ਪੌਦੇ ਲਗਾਉਣੇ ਚਾਹੀਦੇ ਹਨ। ਵਾਤਾਵਰਨ ਨੂੰ ਪ੍ਰਦੂਸ਼ਿਤ ਹੋਣ ਤੋਂ ਬਚਾਅ ਲਈ ਪਰਾਲੀ,ਸੁੱਕੇ ਪੱਤੇ ਅਤੇ ਕੂੜੇ ਨਾ ਜਲਾਓ,ਖਾਣਾ ਬਨਾਉਣ ਲਈ ਧੂੰਏਦਾਰ ਬਾਲਣ ਦੀ ਵਰਤੋਂ ਨਾ ਕਰੋ।

ਇਸ ਮੌਕੇ ਏਸੀਐਸ ਡਾ. ਅੰਨੂ ਸ਼ਰਮਾ, ਡੀਡੀਐਚਓ ਡਾ ਕਪਿਲ ਡੋਗਰਾ,ਡੀਐਫ਼ਪੀਓ ਡਾ. ਅਸ਼ੋਕ ਕੁਮਾਰ,ਡੀਐਚਓ ਡਾ. ਰਾਜੀਵ ਪਰਾਸ਼ਰ,ਡਾ. ਰਾਜੀਵ ਭਗਤ,ਡਾ. ਨੰਦਿਕਾ,ਡਾ ਨਵਪ੍ਰੀਤ ਕੌਰ,ਡਿਪਟੀ ਮਾਸ ਮੀਡੀਆ ਅਫ਼ਸਰ ਸ਼ਰਨਦੀਪ ਸਿੰਘ, ਸੁਖਦਿਆਲ ਸਿੰਘ, ਬੀਈਈ ਰਵਿੰਦਰ ਜੱਸਲ, ਬੀਸੀਸੀ ਜੋਤੀ ਅਨੰਦ ਨੇ ਸਾਂਝੇ ਤੌਰ ਤੇ ਦੱਸਿਆ ਕਿ ਸਾਨੂੰ ਪਲਾਸਟਿਕ ਦੀ ਵਰਤੋਂ ਕਰਨ ਤੋਂ ਬਚਣਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਤੰਬਾਕੂਨੋਸ਼ੀ ਤੋਂ ਦੂਰ ਰਹਿਣਾ ਚਾਹੀਦਾ ਹੈ। ਪ੍ਰਦੂਸ਼ਨ ਨੂੰ ਘਟਾਉਣ ਲਈ ਜਿਨਾਂ ਹੋ ਸਕੇ ਪੈਦਲ ਚੱਲੋ,ਸਾਇਕਲ ਜਾ ਜਨਤਕ ਟ੍ਰਾਂਸਪੋਰਟ ਦੇ ਸਾਧਨਾ ਦੀ ਵਰਤੋਂ ਕਰੋ। ਜੇਕਰ ਕਿਸੇ ਨੂੰ ਚਕੱਰ ਆਉਣ, ਸਾਹ ਲੈਣ ਵਿੱਚ ਤਕਲੀਫ ਹੋਵੇ, ਛਾਤੀ ਵਿੱਚ ਦਰਦ, ਖੰਘ ਆਉਣਾ ਅੱਖਾਂ ਵਿੱਚ ਦਰਦ ਜਾ ਜਲਣ ਹੋਵੇ ਤਾਂ ਤੁਰੰਤ ਡਾਕਟਰੀ ਸਲਾਹ ਲਵੋ। ਇਸ ਮੌਕੇ ਡਿਪਟੀ ਮਾਸ ਮੀਡੀਆ ਅਫ਼ਸਰ ਸ਼ਰਨਦੀਪ ਸਿੰਘ, ਸੁਖਦਿਆਲ ਸਿੰਘ, ਬੀਸੀਸੀ ਜੋਤੀ ਅਨੰਦ,ਬੀਈਈ ਰਵਿੰਦਰ ਜੱਸਲ,ਸਟੈਨੋ ਅਮਰੀਕ ਸਿੰਘ ਆਦਿ ਹਾਜ਼ਰ ਸਨ

ਰੋਜ਼ਾਨਾ ਲੋਕ ਬਾਣੀ www.lokbani

# ਬਲਾਕ ਪੱਧਰੀ ਮੁਕਾਬਲਿਆਂ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਜਗਤਪੁਰ ਜੱਟਾਂ ਦੇ ਵਿਦਿਆਰਥੀਆਂ ਦਾ ਸ਼ਾਨਦਾਰ ਪ੍ਰਦਰਸ਼ਨ



ਫਗਵਾੜਾ (ਜੀਵਨ ਸੰਘਾ/ਸੁਸ਼ੀਲ ਸ਼ਰਮਾ) ਪੰਜਾਬ ਸਟੇਟ ਕੌਂਸਲ ਫਾਰ ਸਾਇੰਸ ਅਤੇ ਤਕਨਾਲੋਜੀ ਅਤੇ ਰਾਜ ਵਿੱਦਿਅਕ ਖੋਜ ਅਤੇ ਸਿਖਲਾਈ ਸੰਸਥਾ ਪੰਜਾਬ ਦੇ ਵਾਤਾਵਰਨ ਸਿੱਖਿਆ ਪ੍ਰੋਗਰਾਮ ਤਹਿਤ ਸਥਾਨਕ ਸਕੂਲ ਆਫ਼ ਐਮੀਨੈਂਸ ਫਗਵਾੜਾ ਵਿਖੇ ਬਲਾਕ ਪੱਧਰੀ ਸਲੋਗਨ ਲਿੱਖਣ, ਚਿੱਤਰਕਲਾ,ਲੇਖ ਅਤੇ ਫੁੱਟਕਲ ਸਮਾਨ ਤੋਂ ਵਸਤੂਆਂ ਤਿਆਰ ਕਰਨ ਦੇ ਮੁਕਾਬਲੇ ਕਰਵਾਏ ਗਏ। ਇਹਨਾਂ ਮੁਕਾਬਲਿਆਂ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਜਗਤਪੁਰ ਜੱਟਾਂ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕੀਤਾ। ਈਕੋ ਫਰੈਂਡਲੀ ਮੈਟਿਰੀਅਲ ਵਿੱਚੋਂ ਅਕਾਸ਼ਾਂ (ਅੱਠਵੀਂ)ਨੇ ਪਹਿਲਾਂ ਸਥਾਨ, ਚਿੱਤਰਕਲਾ ਮੁਕਾਬਲੇ ਵਿੱਚ ਪਰਮਿੰਦਰ ਕੌਰ (ਅੱਠਵੀਂ) ਨੇ ਪਹਿਲਾ ਸਥਾਨ, ਸਲੋਗਨ ਲਿੱਖਣ ਵਿੱਚ ਨਵਨੀਤ ਕੌਰ (ਨੌਵੀਂ) ਨੇ ਤੀਜਾ ਸਥਾਨ ਅਤੇ ਲੇਖ ਮੁਕਾਬਲੇ ਵਿੱਚ ਦਲਜੀਤ ਸਿੰਘ (ਬਾਰਵੀਂ) ਨੇ ਤੀਜਾ ਸਥਾਨ ਹਾਸਲ ਕੀਤਾ। ਇਹਨਾਂ ਮੁਕਾਬਲਿਆਂ ਲਈ ਸਕੂਲ ਈਕੋ ਕਲੱਬ ਦੇ ਇੰਚਾਰਜ ਕਮਲਪ੍ਰੀਤ ਕੌਰ (ਸਾਇੰਸ ਮਿਸਟ੍ਰੈਸ) ਨੇ ਸਰਗਰਮ ਭੂਮਿਕਾ ਨਿਭਾਈ। ਸਕੂਲ ਪਹੁੰਚਣ ਤੇ ਜੇਤੂ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਇੰਚਾਰਜ ਊਸ਼ਾ ਰਾਣੀ, ਜਸਵਿੰਦਰ ਸਿੰਘ, ਅਮਰਜੀਤ ਕੌਰ, ਅਰਜਨਜੀਤ ਸਿੰਘ, ਅਮਨਪ੍ਰੀਤ ਕੌਰ,ਕਿਰਨ ਬਾਲਾ, ਸੰਦੀਪ ਕੌਰ, ਰਣਜੀਤ ਸਿੰਘ, ਗੁਰਪ੍ਰੀਤ ਸਿੰਘ , ਗੌਰਵ ਸ਼ਰਮਾ ਸਮੂਹ ਸਟਾਫ਼ ਮੈਂਬਰ ਅਤੇ ਵਿਦਿਆਰਥੀ ਹਾਜ਼ਰ ਸਨ।

ਰੋਜ਼ਾਨਾ ਲੋਕ ਬਾਣੀ www.lokbani

# ਪਿੰਡ ਝਨੇਰ ਵਿਖੇ 20 ਸਤੰਬਰ ਨੂੰ ਲੱਗੇਗਾ ਆਪ ਦੀ ਸਰਕਾਰ ਆਪ ਦੇ ਦੁਆਰ 'ਤਹਿਤ

## ਜਨ ਸੁਣਵਾਈ ਕੈਂਪ- ਗੁਰਮੀਤ ਕੁਮਾਰ ਬਾਂਸਲ

ਅਹਿਮਦਗੜ੍ਹ /ਮਾਲੇਰਕੋਟਲਾ :(ਕਿਮੀ ਅਰੌੜਾ,ਅਸਲਮ ਨਾਜ਼)ਭਲਕੇ 20 ਸਤੰਬਰ ਦਿਨ ਸ਼ੁੱਕਰਵਾਰ ਨੂੰ ਗੁਰੂਦੁਆਰਾ ਬੇਰੀ ਸਾਹਿਬ ਪਿੰਡ ਝਨੇਰ ਵਿਖੇ 'ਸਰਕਾਰ ਤੁਹਾਡੇ ਦੁਆਰ ਲੜੀ ਤਹਿਤ ਵਿਸ਼ੇਸ਼ ਜਨ ਸੁਣਵਾਈ ਕੈਂਪ ਲਗਾਇਆ ਜਾਵੇਗਾ। ਇਸ ਸਬੰਧੀ ਜਾਣਕਾਰੀ ਦਿੰਦੀਆਂ ਸਥਾਨਕ ਐਸ.ਡੀ.ਐਮ. ਗੁਰਮੀਤ ਕੁਮਾਰ ਬਾਂਸਲ ਨੇ ਦੱਸਿਆ ਕਿ ਇਹ ਕੈਂਪ ਸਵੇਰੇ 11-00 ਵਜੇ ਤੋਂ ਸ਼ੁਰੂ ਹੋ ਜਾਵੇਗਾ। ਇਸ ਵਿਸ਼ੇਸ਼ ਕੈਂਪ ਵਿੱਚ ਆਏ ਲੋਕਾਂ ਦੀਆਂ ਮੁਸ਼ਕਲਾਂ ਸੁਣ ਕੇ ਮੌਕੇ ਤੇ ਨਿਪਟਾਰਾ ਕਰਨ ਦੇ ਯੋਗ ਉਪਰਾਲੇ ਹੋਣਗੇ। ਉਨ੍ਹਾਂ ਹੋਰ ਕਿਹਾ ਇਹ ਵਿਸ਼ੇਸ਼ ਕੈਂਪ ਮੁੱਖ ਮੰਤਰੀ ਸ੍ਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਲੋਕਾਂ ਦੀਆਂ ਬਰੂਹਾਂ ਤੱਕ ਪ੍ਰਸ਼ਾਸਨਿਕ ਸੇਵਾਵਾਂ ਪੁੱਜਦੀਆਂ ਕਰਨ ਦੇ ਨਿਰਦੇਸ਼ਾਂ ਤਹਿਤ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਹਰੇਕ ਸਬ ਡਵੀਜ਼ਨ ਪੱਧਰ ਤੇ ਜ਼ਿਲ੍ਹੇ ਦੇ ਸਮੂਹ ਪਿੰਡਾਂ ਵਿੱਚ 'ਸਰਕਾਰ ਤੁਹਾਡੇ ਦੁਆਰ' ਪ੍ਰੋਗਰਾਮ ਤਹਿਤ ਵਿਸ਼ੇਸ਼ ਜਨ ਸੁਣਵਾਈ ਕੈਂਪਾਂ ਦਾ ਆਯੋਜਨ ਲਗਾਤਾਰ ਕੀਤਾ ਜਾ ਰਿਹਾ ਹੈ ਤਾਂ ਜੋ ਲੋਕਾਂ ਦੀ ਨਿੱਜੀ/ਸਾਂਝੀ ਸਮੱਸਿਆਵਾਂ ਦਾ ਨਿਪਟਾਰਾ ਉਨ੍ਹਾਂ ਦੀਆਂ ਬਰੂਹਾਂ ਤੇ ਜਾ ਕੇ ਕੀਤਾ ਜਾ ਸਕੇ। ਉਨ੍ਹਾਂ ਪਿੰਡ ਨਿਵਾਸੀਆਂ ਨੂੰ ਸੱਦਾ ਦਿੱਤਾ ਕਿ ਉਹ ਇਸ ਕੈਂਪ ਵਿਚ ਆਪਣੇ ਕੰਮ ਕਰਵਾਉਣ ਲਈ ਪੁੱਜ ਸਕਦੇ ਹਨ।

ਉਨ੍ਹਾਂ ਦੱਸਿਆ ਕਿ ਇਸ ਮੌਕੇ ਸਮੂਹ ਵਿਭਾਗ ਜਿਵੇਂ ਮਾਲ ਵਿਭਾਗ ਨਾਲ ਸਬੰਧਤ ਇੰਤਕਾਲ, ਵਾਟਰ



ਸਪਲਾਈ ਅਤੇ ਸੈਨੀਟੇਸ਼ਨ ਵਿਭਾਗ, ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ, ਪਸ਼ੂ ਪਾਲਣ, ਡੇਅਰੀ, ਮੱਛੀ ਪਾਲਣ ਵਿਭਾਗ, ਕੋਆਪਰੇਟਿਵ ਸੋਸਾਇਟੀ, ਉਦਯੋਗ ਕੇਂਦਰ, ਜ਼ਿਲ੍ਹਾ ਖ਼ੁਰਾਕ ਤੇ ਸਪਲਾਈ ਵਿਭਾਗ, ਸੇਵਾ ਕੇਂਦਰ ਨਾਲ ਸਬੰਧਤ, ਸਿਹਤ ਵਿਭਾਗ ਨਾਲ ਸਬੰਧਤ ਕੰਮ ਦੀਆਂ ਸੁਵਿਧਾਵਾਂ ਮੁਹੱਈਆ ਕਰਵਾਈਆਂ ਜਾਣਗੀਆਂ। ਇਸ ਤੋਂ ਇਲਾਵਾ ਖੇਤੀਬਾੜੀ ਵਿਭਾਗ/ਲੀਡ ਬੈਂਕ ਮੈਨੇਜਰ, ਮੱਛੀ ਪਾਲਣ ਵਿਭਾਗ, ਆਦਿ ਵਿਭਾਗ ਆਪੋ-ਆਪਣੇ ਵਿਭਾਗ ਦੀਆਂ ਸਕੀਮਾਂ ਬਾਰੇ ਲੋਕਾਂ ਨੂੰ ਜਾਗਰੂਕ ਕਰਨਗੇ।

ਰੋਜ਼ਾਨਾ ਲੋਕ ਬਾਣੀ www.lokbani

# ਭਾਰਤ ਮਿਸਤਰੀ ਮਜ਼ਦੂਰ ਯੂਨੀਅਨ ਸੀਟੂ ਖਰੜ ਵਲੋਂ ਕਾਮਰੇਡ ਯੇਚੂਰੀ ਦੀ ਮੌਤ ਤੇ ਦੁੱਖ ਦਾ ਕੀਤਾ ਪ੍ਰਗਟਾਵਾ



ਖਰੜ, (ਕਾਲਾ ਸਿੰਘ ਸੈਣੀ ):- ਲੇਬਰ ਚੌਕ ਖਰੜ ਵਿਖੇ ਸੁਰਿੰਦਰ ਸਿੰਘ ਬਡਾਲਾ ਦੀ ਪ੍ਰਧਾਨਗੀ ਹੇਠ ਮਜ਼ਦੂਰ ਜਥੇਬੰਦੀ ਭਾਰਤ ਮਿਸਤਰੀ ਮਜਦੂਰ ਯੂਨੀਅਨ (ਸੀਟੂ) ਖਰੜ ਦੀ ਮੀਟਿੰਗ ਹੋਈ। ਮੀਟਿੰਗ ਦੌਰਾਨ ਇਕੱਤਰ ਹੋਏ ਸਾਥੀਆਂ ਨੇ ਸਾਥੀ ਸੁਰਿੰਦਰ ਸਿੰਘ ਬਡਾਲਾ ਨੂੰ ਦੂਸਰੀ ਵਾਰੀ ਭਾਰਤ ਨਿਰਮਾਣ ਮਿਸਤਰੀ ਮਜ਼ਦੂਰ ਯੂਨੀਅਨ (ਸੀਟੂ) ਲੇਬਰ ਚੌਕ ਖਰੜ ਦਾ ਸਰਬ ਸੰਮਤੀ ਨਾਲ ਪ੍ਰਧਾਨ ਚੁਣਿਆ ਗਿਆ। ਮੀਟਿੰਗ ਵਿਚ ਸੀ.ਪੀ.ਐਮ. ਦੇ ਜਨਰਲ ਸਕੱਤਰ ਕਾਮਰੇਡ ਸੀਤਾ ਯੈਚੁਰੀ ਦੀ ਮੌਤ ਉੱਤੇ ਡੂੰਘਾ ਦੁੱਖ ਪ੍ਰਗਟ ਕਰਦਿਆਂ ਉਨਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ। ਮੀਟਿੰਗ ਵਿਚ ਕਾਮਰੇਡ ਯੇਚੁਰੀ ਦੀ ਰਹਿਨੁਮਾਈ ਵਿੱਚ ਕਿਰਤੀ ਲੋਕਾਂ ਹੱਕਾਂ ਲਈ ਲੜੇ ਗਏ ਘੋਲਾਂ ਲਈ ਉਨਾਂ ਨੂੰ ਹਮੇਸ਼ਾ ਯਾਦ ਰੱਖਿਆ ਜਾਵੇਗਾ। ਮਨਰੇਗਾ ਕਾਨੂੰਨ ਬਣਵਾਉਂਣ, ਉਸਾਰੀ ਮਜ਼ਦੂਰਾਂ ਲਈ ਸਹੂਲਤਾਂ ਅਤੇ ਪੈਨਸ਼ਨ ਦੀ ਗਰੰਟੀ, ਅਤੇ ਮਨਰੇਗਾ ਮਜ਼ਦੂਰਾਂ ਨੂੰ ਸੌ ਦਿਨਾਂ ਕੰਮ ਦੀ ਗਰੰਟੀ ਉੱਤੇ ਮਨਮੋਹਣ ਸਿੰਘ ਦੀ ਯੂ.ਪੀ.ਏ. ਸਰਕਾਰ ਵਲੋਂ ਕਾਨੂੰਨ ਬਣਾਵਾਉਣਾ ਕਾਮਰੇਡ ਯੈਚੁਰੀ ਅਤੇ ਉਸ ਦੀ ਅਗਵਾਈ ਵਿੱਚ ਕੰਮ ਕਰਦੀਆਂ ਮਜ਼ਦੂਰ ਜਥੇਬੰਦੀਆਂ ਦੀ ਵੱਡੀ ਪ੍ਰਾਪਤੀ ਹੈ। ਇਸ ਸਮੇਂ ਸਾਥੀ ਅਮਰਜੀਤ ਸਿੰਘ ਭਾਗੋਮਾਜਰਾ,ਸੇਵਾ ਸਿੰਘ ਖ਼ਾਨਪੁਰ,ਪਾਲ ਸਿੰਘ,ਮੇਜਰ ਸਿੰਘ,ਰਣਜੀਤ ਸਿੰਘ ਰੂੜਕੀ,ਮੁਕਲੇਸ਼ ਕੁਮਾਰ ਸ਼ਾਹ,ਰੌਸ਼ਨ ਸਿੰਘ,ਮਨਜਿੰਦਰ ਸਿੰਘ,ਬਲਵੀਰ ਸਿੰਘ,ਹਰਨਾਮ ਸਿੰਘ ਡੱਲਾ,ਭਾਗ ਸਿੰਘ, ਕੁਲਵੀਰ ਸਿੰਘ,ਜੋਤੀ ਮਸੀਹ ਆਦਿ ਹਾਜ਼ਰ ਸਨ। ਇਹ ਵੀ ਫੈਸਲਾ ਲਿਆ ਗਿਆ ਕਿ ਟਰੇਡ ਯੂਨੀਅਨਾਂ ਵਲੋਂ ਚਾਰ ਕੋਡ ਬਿਲਾਂ ਵਿਰੁੱਧ 23 ਸਤੰਬਰ ਨੂੰ ਕੀਤੇ ਜਾ ਰਹੇ ਪ੍ਰਦਰਸ਼ਨਾਂ ਵਿੱਚ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ ਜਾਵੇਗੀ।

ਰੋਜ਼ਾਨਾ ਲੋਕ ਬਾਣੀ www.lokbani

# ਕੀ ਸ਼ਨਾਯਾ ਮਾਰ ਦੇਵੇਗੀ ਗੀਤ ਨੂੰ ?




ਹਾਲ ਹੀ ਦੇ ਐਪੀਸੋਡ ਵਿੱਚ, ਪਰਿਵਾਰ ਵਿੱਚ ਚੀਜ਼ਾਂ ਨੂੰ ਬਿਹਤਰ ਬਣਾਉਣ ਲਈ ਨੂਰੂਲਾ ਦੇ ਟ੍ਰਿਪ ਲਈ ਜਾਣ ਦੀ ਯੋਜਨਾ, ਸ਼ਨਾਇਆ ਗੀਤ ਰਣਵੀਰ ਲਈ ਕੁਝ ਬੁਰਾ ਕਰਨ ਦੀ ਯੋਜਨਾ ਬਣਾਉਂਦੀ ਹੈ

ਇੱਕ ਦਿਲਕਸ਼ ਪਲ ਵਿੱਚ, ਰਣਵੀਰ, ਗੀਤ ਨੂੰ ਆਪਣੇ ਪਿਆਰ ਦਾ ਇਕਰਾਰ ਕਰਦਾ ਹੈ ਤੇ ਉਹ ਦੁਬਾਰਾ ਵਿਆਹ ਕਰਨ ਲਈ ਕਹਿੰਦੇ ਨੇ ਤੇ ਗੀਤ ਖੁਸ਼ੀ-ਖੁਸ਼ੀ ਹਾਂ ਬੋਲਦੀ ਹੈ। ਜਿਵੇਂ ਖੁਸ਼ੀ ਹਵਾ ਭਰ ਦਿੰਦੀ ਹੈ, ਖ਼ਤਰਾ ਉਦੋਂ ਮੰਡਰਾ ਰਿਹਾ ਹੈ ਜਦੋਂ ਸ਼ਨਾਇਆ ਗੀਤ ਨੂੰ ਮਾਰਨ ਲਈ ਇੱਕ ਭਿਆਨਕ ਨਵੀਂ ਯੋਜਨਾ ਤਿਆਰ ਕਰਦੀ ਹੈ।ਕੀ ਸ਼ਨਾਯਾ ਆਪਣੀ ਮੰਦੀ ਯੋਜਨਾ ਵਿੱਚ ਕਾਮਯਾਬ ਹੋਵੇਗੀ ? ਜ਼ੀ ਪੰਜਾਬੀ ਤੇ ਹਰ ਸੋਮ ਤੋਂ ਸ਼ਨਿਚਰਵਾਰ ਸ਼ਾਮ 7:00 ਵਜੇ ਗਲ ਮਿਠੀ ਮਿਠੀ ਦਾ ਦਿਲਚਸਪ ਐਪੀਸੋਡ ਦੇਖੋ।

ਰੋਜ਼ਾਨਾ ਲੋਕ ਬਾਣੀ www.lokbani

# ਚੋਰੀ ਦੀ ਹੋਈ ਵਾਰਦਾਤ ਦਾ ਤਿੰਨ ਦਿਨ ਬੀਤ ਜਾਣ ਤੇ ਵੀ ਮੌਕਾ ਵੇਖਣ ਨਹੀ ਪੁੱਜੀ ਥਾਣਾ ਸਿਟੀ ਪੁਲਸ



ਸਮਾਣਾ, (ਲੋਕ ਬਾਣੀ) ਸਮਾਣਾ ਦੇ ਅੰਦਰ ਦਿਨੋ ਦਿਨ ਘਟਨਾਵਾਂ ਵਿੱਚ ਵਾਧਾ ਹੀ ਹੋ ਰਿਹਾ ਹੈ ਜੋ ਰੁਕਣ ਦਾ ਨਾਮ ਨਹੀ ਲੈ ਰਹੀਆਂ, ਇਸੇ ਤਰਾਂ ਦੀ ਘਟਨਾ ਛੋਟੀ ਮਾਜਰੀ ਵੇਖਣ ਨੂੰ ਮਿਲੀ ਜਿੱਥੇ ਇੱਕ ਘਰ 'ਚ ਚੋਰੀ ਹੋਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਘਰ ਦੇ ਮਾਲਕ ਹਰਜਿੰਦਰ ਸਿੰਘ ਪੁੱਤਰ ਹਰਦੀਪ ਸਿੰਘ ਨੇ ਦੱਸਿਆ ਕਿ ਉਹ 16 ਸਤੰਬਰ ਨੂੰ ਸ਼ਾਮ 5 ਵਜੇ ਆਪਣੀ ਰਿਸ਼ਤੇਦਾਰੀ 'ਚ ਪਿਹੋਵਾ ਗਏ ਸਨ ਅਤੇ 17 ਸਤੰਬਰ ਨੂੰ ਤਕਰੀਬਨ ਸ਼ਾਮ 4:30 ਵਜੇ ਦੇ ਕਰੀਬ ਘਰ ਆਇਆਂ ਤਾਂ ਦੇਖਿਆ ਕਿ ਚੋਰਾਂ ਵੱਲੋਂ ਗੇਟ ਦੀ ਕੰਧ ਟੱਪ ਕੇ ਦਰਵਾਜ਼ਾ ਖੁੱਲਾ ਪਿਆ ਸੀ ਅਤੇ ਅਲਮਾਰੀ ਅਤੇ ਬੈਡੱ ਦਾ ਸਾਰਾ ਸਾਮਾਨ ਵੀ ਖਿਲਾਰਿਆ ਹੋਇਆ ਸੀ ਅਤੇ ਉਨਾਂ ਵੱਲੋਂ ਇਕ ਕਮਰੇ 'ਚ ਰੱਖੀ ਗਈ ਪੇਟੀ ਦਾ ਕੁੰਡਾ ਜਿੰਦਰੇ ਸਮੇਤ ਹੀ ਪੁੱਟਿਆ ਪਿਆ ਸੀ ਅਤੇ ਉਸ 'ਚ ਤਕਰੀਬਨ 2 ਸੋਨੇ ਦੀਆਂ ਛਾਪ, 8 ਹਜ਼ਾਰ ਰੁਪਏ ਨਕਦ ਚੋਰੀ ਕਰ ਲੈ ਗਏ, ਜਿਸ ਨਾਲ ਉਨਾਂ ਦਾ ਕਰੀਬ 108,000 ਰੁਪਏ ਦਾ ਨੁਕਸਾਨ ਹੋ ਚੁੱਕਿਆ ਸੀ। ਉਨਾਂ ਦੱਸਿਆ ਕਿ ਇਸ ਸਬੰਧੀ ਥਾਣਾ ਸਿਟੀ ਪੁਲਸ ਨੂੰ ਸ਼ਿਕਾਇਤ ਕਰ ਦਿੱਤੀ ਗਈ ਹੈ। ਮਾਲਕ ਹਰਜਿੰਦਰ ਸਿੰਘ ਨੇ ਇਸ ਗੱਲ ਦੀ ਹੈਰਾਨੀ ਪ੍ਰਗਟਾਈ ਹੈ ਕਿ ਜਦੋ ਉਨਾਂ ਇਸ ਗੱਲ ਦਾ ਪਤਾ ਪਰਿਵਾਰ ਨੂੰ ਲੱਗਾ ਤਾਂ ਉਨਾਂ 4:45 ਮਿੰਟ ਤੇ 100 ਨੰਬਰ ਤੇ ਘੰਟੀ ਘੜਕਾ ਇਤਲਾਹ ਦਿੱਤੀ, ਇੱਥੇ ਹੀ ਬੱਸ ਨਹੀ ਹੋਈ ਤਾਂ ਉਨਾਂ ਨੇ ਥਾਣਾ ਸਿਟੀ ਸਮਾਣਾ ਪਹੁੰਚ ਕੇ ਇਸ ਘਟਨਾਂ ਦੀ ਲਿਖਤੀ ਰੂਪ ਵਿੱਚ ਇਤਲਾਹ ਦਿੱਤੀ, ਪਰ ਅੱਜ ਤਿੰਨ ਦਿਨ ਬੀਤ ਜਾਣ ਤੇ ਵੀ ਥਾਣਾ ਸਿਟੀ ਪੁਲਸ ਮੌਕੇ ਦਾ ਜ਼ਾਇਜਾ ਲੈਣ ਨਹੀ ਪਹੁੰਚੀ, ਜਿਸ ਦਾ ਪਰਿਵਾਰ ਵਿੱਚ ਪੁਲਸ ਪ੍ਰਤੀ ਤਿੱਖਾ ਰੋਸ ਹੈ। ਇਹ ਮਾਮਲਾ ਕੈਬਨਿਟ ਮੰਤਰੀ ਚੇਤਨ ਸਿੰਘ ਜੋੜਾਮਾਜਰਾ ਦੇ ਧਿਆਨ ਵਿੱਚ ਲਿਆ ਦਿੱਤਾ ਗਿਆ। ਜਦੋ ਇਸ ਥਾਣਾ ਸਿਟੀ ਐਸ.ਐਚ.ਓ. ਨਾਲ ਗੱਲ ਕੀਤੀ ਤਾਂ ਉਨਾਂ ਕਿਹਾ ਕਿ ਮੈਂ ਜਲਦੀ ਹੀ ਪੁਲਸ ਪਾਰਟੀ ਭੇਜ ਰਿਹਾ ਪਰ ਖਬਰ ਲਿਖੇ ਜਾਣ ਤੱਕ ਕੋਈ ਵੀ ਕਰਮਚਾਰੀ ਮੌਕੇ ਦਾ ਜਾਇਜਾ ਲੈਣ ਨਹੀ ਪਹੁੰਚਿਆ।

# ਡਾ: ਸ਼੍ਰੀ ਸੁਵਰਤ ਮੁਨੀ ਜੀ ਮਹਾਰਾਜ ਅਤੇ ਸ਼੍ਰੀ ਮੁਦਿਤ ਮੁਨੀ ਜੀ ਦੀ ਪ੍ਰੇਰਨਾ ਨਾਲ ਤੀਸਰਾ ਖ਼ੂਨਦਾਨ ਕੈਂਪ ਲਗਾਇਆ




ਡੇਰਾਬੱਸੀ, (ਲੋਕ ਬਾਣੀ) ਸ਼੍ਰੀ ਪਰਮ ਪੂਜਯ ਅਚਾਰੀਆ ਆਤਮਾ ਰਾਮ ਜੀ ਮਹਾਰਾਜ ਦੇ ਜਨਮ ਦਿਹਾੜੇ ਮੌਕੇ ਐਸ.ਐਸ ਜੈਨ ਸਭਾ ਅਤੇ ਸ਼੍ਰੀ ਮਹਾਂਵੀਰ ਜੈਨ ਨੌਜਵਾਨ ਮੰਡਲ ਡੇਰਾਬੱਸੀ ਦੇ ਸਾਂਝੇ ਉਪਰਾਲੇ ਨਾਲ ਐਸ.ਐਸ ਜੈਨ ਸਕੂਲ ਵਿੱਚ ਤੀਸਰਾ ਖ਼ੂਨਦਾਨ ਕੈਂਪ ਲਗਾਇਆ ਗਿਆ। ਕੈਂਪ ਵਿੱਚ ਔਰਤਾਂ ਸਮੇਤ 70 ਵਿਅਕਤੀਆਂ ਨੇ ਖ਼ੂਨਦਾਨ ਕੀਤਾ। ਮਹਾਵੀਰ ਜੈਨ ਯੁਵਕ ਮੰਡਲ ਦੇ ਪ੍ਰਧਾਨ ਵਿਸ਼ਾਲ ਜੈਨ ਦੀ ਦੇਖ-ਰੇਖ ਹੇਠ ਕਰਵਾਏ ਇਸ ਪ੍ਰੋਗਰਾਮ ਦੌਰਾਨ ਮੰਤਰੀ ਸਿਧਾਰਥ ਜੈਨ, ਚੇਅਰਮੈਨ ਸਾਹਿਲ ਜੈਨ, ਸਮਾਜ ਸੇਵੀ ਵਿਮਲ ਚੋਪੜਾ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕਰਦਿਆਂ ਪ੍ਰਬੰਧਕਾਂ ਦੇ ਉਪਰਾਲੇ ਦੀ ਸ਼ਲਾਘਾ ਕੀਤੀ । ਉਨ੍ਹਾਂ ਖ਼ੂਨਦਾਨੀਆਂ ਨੂੰ ਪ੍ਰੇਰਿਤ ਕਰਦਿਆਂ ਕਿਹਾ ਕਿ ਖ਼ੂਨਦਾਨ ਸਭ ਤੋਂ ਵੱਡਾ ਦਾਨ ਹੈ। ਖ਼ੂਨ ਦਾਨ ਨਾਲੀਆਂ ਵਿੱਚ ਨਹੀਂ ਸਗੋਂ ਨਾੜੀਆਂ ਵਿੱਚ ਵਹਿਣਾ ਚਾਹੀਦਾ ਹੈ। ਖ਼ੂਨਦਾਨ ਕਰਕੇ ਕਈ ਲੋਕਾਂ ਦੀਆਂ ਕੀਮਤੀ ਜਾਨਾਂ ਬਚਾਈਆਂ ਜਾ ਸਕਦੀਆਂ ਹਨ। ਜੀਐਮਸੀਐਚ ਚੰਡੀਗੜ੍ਹ ਸੈਕਟਰ 32 ਦੇ ਡਾਕਟਰਾਂ ਦੀ ਟੀਮ ਨੇ 70 ਯੂਨਿਟ ਖ਼ੂਨ ਇਕੱਤਰ ਕੀਤਾ। ਜੈਨ ਸਭਾ ਦੇ ਪ੍ਰਧਾਨ ਅਸ਼ਵਨੀ ਜੈਨ, ਪ੍ਰਿੰਸ ਜੈਨ, ਸੰਜੇ ਜੈਨ, ਰਾਜੇਸ਼ ਜੈਨ ਨੇ ਆਏ ਹੋਏ ਸਾਰੇ ਮਹਿਮਾਨਾਂ ਦਾ ਸਵਾਗਤ ਕੀਤਾ । ਇਸ ਮੌਕੇ ਚਿਰਾਗ ਜੈਨ, ਸਾਰਥਕ ਜੈਨ, ਬੰਟੀ ਜੈਨ, ਅੰਕੁਸ਼, ਗੌਰਵ ਦੀਪਾਂਸ਼ੂ, ਤਰੁਣ ਜੈਨ ਅਤੇ ਦੀਪਕ ਆਦਿ ਹਾਜ਼ਰ ਸਨ।

# 119ਵੇਂ ਹਫਤਾਵਾਰੀ ਸ਼੍ਰੀ ਹਨੂੰਮਾਨ ਚਾਲੀਸਾ ਪਾਠ ਦਾ ਕੀਤਾ ਆਯੋਜਨ




ਡੇਰਾਬੱਸੀ, (ਲੋਕ ਬਾਣੀ) ਸਥਾਨਕ ਰਾਮਤਲਾਈ ਵਿਖੇ ਸ਼੍ਰੀ ਹਨੂੰਮਾਨ ਚਾਲੀਸਾ ਦੇ ਲਗਾਤਾਰ 119ਵੇਂ ਹਫਤਾਵਾਰੀ ਪਾਠ ਦੌਰਾਨ ਭਜਨ ਸੰਧਿਆ ਦਾ ਆਯੋਜਨ ਕੀਤਾ ਗਿਆ। ਇਸ ਲੜੀ ਵਿੱਚ ਭਗਵਾਨ ਸ਼੍ਰੀ ਰਾਮ ਜੀ, ਹਨੂੰਮਾਨ ਜੀ ਦੀ ਹਨੂੰਮਾਨ ਚਾਲੀਸਾ, ਸੰਕਟਮੋਚਨ ਅਤੇ ਆਰਤੀ ਦਾ ਪਾਠ ਕੀਤਾ ਗਿਆ। ਜਿਸ ਦੌਰਾਨ ਵੱਖ-ਵੱਖ ਮਹਿਲਾ ਕੀਰਤਨ ਮੰਡਲੀਆਂ ਅਤੇ ਭਜਨ ਗਾਇਕ ਸੁਰਜੀਤ ਤੇ ਸੰਜੇ ਵੱਲੋਂ ਭਜਨ ਕੀਰਤਨ ਕੀਤਾ ਗਿਆ। ਇਸ ਹਫਤੇ ਡਾ. ਅਨਿਕੇਤ ਸੈਣੀ (ਐਮ.ਬੀ.ਬੀ.ਐਸ., ਐਮ.ਡੀ., ਮੈਡੀਸਨ, ਸਾਬਕਾ ਐਸ.ਆਰ. ਜੀ.ਐਮ. ਸੀ.ਐਚ. 32) ਸੰਜੀਵਨੀ ਹੈਲਥ ਕੇਅਰ ਫੈਸਟੀਵਲ ਬਰਵਾਲਾ ਰੋਡ ਵਲੋਂ ਪ੍ਰਸਾਦ ਵੰਡਿਆ ਗਿਆ। ਸ੍ਰੀ ਹਨੂੰਮਾਨ ਸੇਵਾ ਸੰਘ ਦੇ ਮੁਕੇਸ਼ ਗਾਂਧੀ ਨੇ ਦੱਸਿਆ ਕਿ ਪਿਛਲੇ ਦੋ ਸਾਲਾਂ ਤੋਂ ਚੱਲ ਰਹੇ ਹਫਤਾਵਾਰੀ ਹਨੂੰਮਾਨ ਚਾਲੀਸਾ ਦੇ ਪਾਠ ਵਿੱਚ ਸ਼ਰਧਾਲੂਆਂ ਦੀ ਗਿਣਤੀ ਵਿੱਚ ਲਗਾਤਾਰ ਵਾਧਾ ਹੋ ਰਿਹਾ ਹੈ। ਇਸ ਦੌਰਾਨ ਡਾ: ਅਨਿਕੇਤ ਸੈਣੀ ਦਾ ਵਿਸ਼ੇਸ਼ ਤੌਰ ਤੇ ਸਨਮਾਨ ਕੀਤਾ ਗਿਆ। ਇਸ ਮੌਕੇ ਸ਼੍ਰੀ ਹਨੂੰਮਾਨ ਸੇਵਾ ਸੰਘ ਦੇ ਰਵਿੰਦਰ ਬੱਤਰਾ, ਟੋਨੀ ਰਾਣਾ, ਸ਼ਿਵ ਕੁਮਾਰ ਟੋਨੀ, ਜੋਗਾ ਸਿੰਘ ਸੈਣੀ, ਯਾਦਵਿੰਦਰ ਧੀਮਾਨ, ਪਦਮ ਰਾਣਾ, ਨਿਰਮਲ ਨਿੰਮਾ, ਸ਼ੀਸ਼ਪਾਲ ਰਾਣਾ, ਗੁਰਚਰਨ ਚੌਧਰੀ, ਰਾਕੇਸ਼ ਉਪਨੇਜਾ, ਰਾਜਵੀਰ ਰਾਣਾ, ਅਨਿਲ ਸ਼ਰਮਾ, ਰਾਜੂ ਬੱਤਰਾ, ਡੀ. ਸ਼ਰਮਾ, ਰਜਨੀਸ਼ ਸ਼ੈਲੀ, ਜਤਿੰਦਰ ਸਿੰਘ, ਸੁਸ਼ੀਲ ਧੀਮਾਨ, ਸੂਰਜ ਭੋਲਾ, ਭੁਵਨੇਸ਼ ਚੌਹਾਨ ਆਦਿ ਅਧਿਕਾਰੀ ਹਾਜ਼ਰ ਸਨ, ਇਸ ਦੌਰਾਨ ਭਜਨ ਕੀਰਤਨ ਸਰਵਣ ਕਰਨ ਲਈ ਵੱਡੀ ਗਿਣਤੀ ਚ ਸੰਗਤਾਂ ਹਾਜ਼ਰ ਸਨ ।

# ਝੋਨੇ ਦੀ ਪਰਾਲੀ ਦੀ ਸਾਂਭ-ਸੰਭਾਲ ਸਬੰਧੀ ਕਿਸਾਨਾਂ ਨੂੰ ਉਨਤ ਕਿਸਾਨ ਐਪ ਬਾਰੇ ਕਰਵਾਇਆ ਜਾਵੇ ਜਾਗਰੂਕ : ਡਿਪਟੀ ਕਮਿਸ਼ਨਰ



ਬਠਿੰਡਾ, (ਲੋਕ ਬਾਣੀ) ਪੰਜਾਬ ਸਰਕਾਰ ਵੱਲੋਂ ਝੋਨੇ ਦੇ ਸੀਜ਼ਨ ਦੌਰਾਨ ਪਰਾਲੀ ਦੀ ਸੁਯੋਗ ਢੰਗ ਨਾਲ ਸਾਂਭ-ਸੰਭਾਲ ਕਰਨ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ। ਇਹ ਜਾਣਕਾਰੀ ਡਿਪਟੀ ਕਮਿਸ਼ਨਰ ਸ਼੍ਰੀ ਸ਼ੌਕਤ ਅਹਿਮਦ ਪਰੇ ਨੇ ਵੱਖ-ਵੱਖ ਅਧਿਕਾਰੀਆਂ ਨਾਲ ਪਰਾਲੀ ਪ੍ਰਬੰਧਨ ਸਬੰਧੀ ਕੀਤੀ ਗਈ ਬੈਠਕ ਦੀ ਪ੍ਰਧਾਨਗੀ ਕਰਦਿਆਂ ਸਾਂਝੀ ਕੀਤੀ। ਡਿਪਟੀ ਕਮਿਸ਼ਨਰ ਸ਼ੌਕਤ ਅਹਿਮਦ ਪਰੇ ਨੇ ਮੀਟਿੰਗ ਦੌਰਾਨ ਖੇਤੀਬਾੜੀ ਅਧਿਕਾਰੀਆਂ ਨੂੰ ਸਖਤ ਆਦੇਸ਼ ਦਿੰਦਿਆਂ ਕਿਹਾ ਕਿ ਜ਼ਿਲ੍ਹੇ ਦੇ ਕਲਸਟਰ ਅਫਸਰਾਂ ਅਤੇ ਨੋਡਲ ਅਫਸਰਾਂ ਦੁਆਰਾ ਪਿੰਡਾਂ ਵਿਚ ਜਾ ਕੇ ਕਿਸਾਨਾਂ ਨੂੰ ਉਨਤ ਕਿਸਾਨ ਐਪ ਉਨ੍ਹਾਂ ਦੇ ਮੋਬਾਇਲਾਂ ਉਪਰ ਡਾਊਨਲੋਡ ਕਰਵਾਕੇ ਇਸ ਬਾਰੇ ਉਨ੍ਹਾਂ ਨੂੰ ਵੱਧ ਤੋਂ ਵੱਧ ਜਾਣੂੰ ਕਰਵਾਇਆ ਜਾਵੇ ਤਾਂ ਜੋ ਕਿਸਾਨ ਇਸ ਐਪ ਰਾਹੀਂ ਪਰਾਲੀ ਪ੍ਰਬੰਧਨ ਲਈ ਵਰਤੀ ਜਾਣ ਵਾਲੀ ਮਸ਼ੀਨਰੀ ਬਾਰੇ ਵੱਧ ਤੋਂ ਵੱਧ ਜਾਣਕਾਰੀ ਹਾਸਲ ਕਰਦਿਆਂ ਇਸ ਮਸ਼ੀਨਰੀ ਦੀ ਬੁਕਿੰਗ ਕਰਵਾ ਸਕਣ।ਡਿਪਟੀ ਕਮਿਸ਼ਨਰ ਨਿਰਦੇਸ਼ ਦਿੰਦਿਆਂ ਕਿਹਾ ਕਿ ਸਮੂਹ ਨੋਡਲ ਅਫਸਰ ਪਿੰਡਾਂ ਵਿਚ ਕਿਸਾਨਾਂ ਕੋਲ ਜਾ ਕੇ ਉਨ੍ਹਾਂ ਨੂੰ ਇਹ ਵੀ ਜਾਗਰੂਕ ਕਰਨ ਕਿ ਇਸ ਐਪ ਨਾਲ ਹੁਣ ਕਿਸਾਨਾਂ ਨੂੰ ਦਫਤਰਾਂ ਵਿੱਚ ਜਾਣ ਦੀ ਲੋੜ ਨਹੀਂ ਹੋਵੇਗੀ ਅਤੇ ਘਰ ਬੈਠੇ ਹੀ ਇਸ ਐਪ ਦੀ ਵਰਤੋਂ ਕਰਕੇ ਜ਼ਰੂਰਤ ਅਨੁਸਾਰ ਪਰਾਲੀ ਦੇ ਪ੍ਰਬੰਧਨ ਲਈ ਮਸ਼ੀਨਰੀ ਦੀ ਬੁਕਿੰਗ ਕਰਵਾ ਸਕਦੇ ਹਨ। ਇਸ ਤੋਂ ਇਲਾਵਾ ਕਿਸਾਨਾਂ ਨੂੰ ਇਹ ਵੀ ਦੱਸਿਆ ਜਾਵੇ ਕਿ ਪਿੰਡ ਪੱਧਰ ਤੇ ਨੋਡਲ ਅਫ਼ਸਰਾਂ ਰਾਹੀਂ ਵੀ ਖੇਤੀ ਮਸ਼ੀਨਰੀ ਦੀ ਬੁਕਿੰਗ ਕਰਵਾਈ ਜਾ ਸਕਦੀ ਹੈ।ਇਸ ਮੌਕੇ ਸਿਖਲਾਈ ਅਧੀਨ ਆਈਏਐਸ ਸ਼੍ਰੀ ਰਾਕੇਸ਼ ਕੁਮਾਰ ਮੀਨਾ, ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਮੈਡਮ ਲਵਜੀਤ ਕਲਸੀ, ਐਸ.ਪੀ. ਸ਼੍ਰੀ ਅਜੈ ਗਾਂਧੀ, ਉਪ ਮੰਡਲ ਮੈਜਿਸਟ੍ਰੇਟ ਬਠਿੰਡਾ ਮੈਡਮ ਇਨਾਯਤ, ਉਪ ਮੰਡਲ ਮੈਜਿਸਟ੍ਰੇਟ ਤਲਵੰਡੀ ਸਾਬੋ ਸ. ਹਰਜਿੰਦਰ ਸਿੰਘ ਜੱਸਲ, ਉਪ ਮੰਡਲ ਮੈਜਿਸਟ੍ਰੇਟ ਰਾਮਪੁਰਾ ਫੂਲ ਸ਼੍ਰੀ ਕੰਵਰਜੀਤ ਸਿੰਘ ਮਾਨ ਤੋਂ ਇਲਾਵਾ ਖੇਤੀਬਾੜੀ ਵਿਭਾਗ ਦੇ ਅਧਿਕਾਰੀ ਆਦਿ ਹਾਜ਼ਰ ਸਨ।

# ਬਿਰਧ ਆਸ਼ਰਮ ਵਿੱਚ ਰਹਿਣ ਲਈ ਲੋੜਵੰਦ ਬਜ਼ੁਰਗ ਜ਼ਿਲ੍ਹਾ ਸਮਾਜਿਕ ਸੁਰੱਖਿਆ ਦਫਤਰ ਵਿਖੇ ਰਜਿਸਟ੍ਰੇਸ਼ਨ ਕਰਵਾਉਣ: ਡਿਪਟੀ ਕਮਿਸ਼ਨਰ




ਬਰਨਾਲਾ, (ਲੋਕ ਬਾਣੀ) ਡਿਪਟੀ ਕਮਿਸ਼ਨਰ ਬਰਨਾਲਾ ਸ਼੍ਰੀਮਤੀ ਪੂਨਮਦੀਪ ਕੌਰ ਨੇ ਦੱਸਿਆ ਕਿ ਡਾਇਰੈਕਟਰ ਸਮਾਜਿਕ ਸੁਰੱਖਿਆ ਇਸਤਰੀ ਤੇ ਬਾਲ ਵਿਕਾਸ ਵਿਭਾਗ ਪੰਜਾਬ, ਚੰਡੀਗੜ੍ਹ ਵਲੋਂ ਖੱਟਰ ਪੱਤੀ ਢਿੱਲਵਾਂ ਰੋਡ ਤਪਾ (ਜ਼ਿਲ੍ਹਾ ਬਰਨਾਲਾ) ਵਿਖੇ ਲੋੜਵੰਦ ਬਜ਼ੁਰਗਾਂ ਦੇ ਰਹਿਣ ਲਈ 72 ਬੈੱਡਾਂ ਦਾ ਸਰਕਾਰੀ ਬਿਰਧ ਆਸ਼ਰਮ ਬਣਾਇਆ ਗਿਆ ਹੈ ਜੋ ਕਿ ਲਗਭਗ ਬਣ ਕੇ ਤਿਆਰ ਹੈ।

ਉਨ੍ਹਾਂ ਕਿਹਾ ਕਿ ਜੋ ਵੀ ਲੋੜਵੰਦ ਬਜ਼ੁਰਗ ਬਿਰਧ ਆਸ਼ਰਮ ਵਿੱਚ ਰਹਿਣਾ ਚਾਹੁੰਦੇ ਹਨ, ਉਹ ਆਪਣਾ ਆਧਾਰ ਕਾਰਡ ਲੈ ਕੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿੱਚ ਤਹਿਸੀਲ ਕੰਪਲੈਕਸ ਵਿਚ ਬਣੇ ਦਫਤਰ ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫਸਰ, ਬਰਨਾਲਾ ਜਾਂ ਆਪਣੇ ਬਲਾਕ ਨਾਲ ਸਬੰਧਤ ਦਫ਼ਤਰ ਬਾਲ ਵਿਕਾਸ ਪ੍ਰੋਜੈਕਟ ਅਫਸਰ (ਸੀ ਡੀ ਪੀ ਓ) ਵਿਖੇ ਜਾ ਕੇ ਆਪਣੀ ਰਜਿਸਟ੍ਰੇਸ਼ਨ ਕਰਵਾ ਸਕਦੇ ਹਨ।

ਡਿਪਟੀ ਕਮਿਸ਼ਨਰ ਬਰਨਾਲਾ ਵਲੋਂ ਇਹ ਵੀ ਦੱਸਿਆ ਗਿਆ ਕਿ ਜੋ ਬਜ਼ੁਰਗ ਬਿਰਧ ਆਸ਼ਰਮ ਵਿੱਚ ਰਹਿਣਗੇ ਉਨ੍ਹਾਂ ਨੂੰ ਰਹਿਣ ਲਈ ਕਮਰੇ, ਸਿਹਤ ਅਤੇ ਮੈਡੀਕਲ ਸੇਵਾਵਾਂ, ਖਾਣਾ ਪੀਣਾ, ਕੱਪੜੇ, ਸੁਰੱਖਿਆ ਅਤੇ ਸੰਭਾਲ, ਲਾਇਬ੍ਰੇਰੀ ਤੇ ਹੋਰ ਆਧੁਨਿਕ ਸਹੂਲਤਾਂ ਮੁਫਤ ਮੁਹਈਆ ਕਰਵਾਈਆਂ ਜਾਣਗੀਆਂ

# ਫੇਕ ਨੰਬਰਾਂ ਤੋਂ ਜਨਤਾ ਨੂੰ ਲੁੱਟਣ ਦੀ ਸਾਜਿਸ਼




ਜੰਡਿਆਲਾ ਗੁਰੂ (ਲੋਕ ਬਾਣੀ) :- ਆਏ ਦਿਨ ਜਨਤਾ ਨੂੰ ਲੁੱਟਣ ਲਈ ਸਾਜਿਸ਼ਕਰਤਾ ਕੋਈ ਨਾ ਕੋਈ ਸਾਜਿਸ਼ ਰਚਦੇ ਰਹਿੰਦੇ ਹਨ । ਪੱਤਰਕਾਰਾਂ ਨੂੰ ਜਾਣਕਾਰੀ ਦਿੰਦੇ ਹੋਏ ਵਰਿੰਦਰ ਸਿੰਘ ਨੇ ਦੱਸਿਆ ਕਿ ਉਹਨਾਂ ਦੇ ਵ੍ਹਟਸਐਪ ਨੰਬਰ 9888968889 ਤੇ ਇੱਕ ਕਾਲ ਆਈ ਜਿਸਦੇ ਉੱਤੇ ਪੁਲਿਸ ਲਿਖਿਆ ਹੋਇਆ ਸੀ ਜਦੋਂ ਉਹਨਾਂ ਨੇ ਫੋਨ ਚੁੱਕਿਆ ਤਾਂ ਅੱਗੋਂ ਜਵਾਬ ਮਿਲਿਆ ਕਿ ਤੁਸੀਂ ਵਰਿੰਦਰ ਸਿੰਘ ਬੋਲ ਰਹੇ ਹੋ ਤੁਹਾਡੇ ਕਿੰਨੇ ਪੁੱਤਰ ਹਨ ਤਾਂ ਵਰਿੰਦਰ ਸਿੰਘ ਨੇ ਦੱਸਿਆ ਕਿ ਮੇਰੇ ਦੋ ਪੁੱਤਰ ਹਨ ਔਰ ਉਹ ਸਕੂਲ ਪੜਨ ਗਏ ਹੋਏ ਹਨ । ਅੱਗੋਂਪੁਲਿਸ ਦੇ ਨਾਮ ਹੇਠ ਆ ਰਹੇ ਫੋਨ ਕਰਤਾ ਨੇ ਕਿਹਾ ਕਿ ਤੁਹਾਡਾ ਇਕ ਬੇਟਾ ਫੜਿਆ ਗਿਆ ਹੈ ਜਿਸ ਨੂੰ ਛੁਡਾਉਣ ਲਈ ਤੁਹਾਨੂੰ ਪੁਲਿਸ ਸਟੇਸ਼ਨ ਆਉਣਾ ਪਵੇਗਾ । ਵਰਿੰਦਰ ਸਿੰਘ ਨੇ ਦੱਸਿਆ ਕਿ ਮੈਂ ਉਹਨਾਂ ਨੂੰ ਕਿਹਾ ਕਿ ਥੋੜੀ ਦੇਰ ਨੂੰ ਆ ਜਾਨਾ ਹਾਂ । ਅੱਗੋਂ ਉਹਨਾਂ ਨੇ ਕਿਹਾ ਕਿ ਅਗਰ ਤੁਸੀਂ ਬਾਹਰੋਂ ਬਾਹਰ ਗੱਲ ਮੁਕਾਉਣਾ ਚਾਹੁੰਦੇ ਹੋ ਤਾਂ ਅਸੀਂ ਆਪਣਾ ਅਕਾਊਂਟ ਨੰਬਰ ਭੇਜ ਦਿੰਦੇ ਹਾਂ ਉਸ ਵਿੱਚ ਪੈਸੇ ਪਾ ਦਿਓ ਤਾਂ ਤੁਹਾਡਾ ਬੱਚਾ ਛੱਡ ਦਵਾਂਗੇ । ਵਰਿੰਦਰ ਸਿੰਘ ਨੂੰ ਥੋੜਾ ਸ਼ੱਕ ਹੋਇਆ ਅਤੇ ਉਸਨੇ ਕਿਹਾ ਮੈਂ ਪੁਲਿਸ ਸਟੇਸ਼ਨ ਹੀ ਆ ਜਾਨਾ ਹਾਂ ਉਥੇ ਆ ਕੇ ਆਪਣੇ ਬੱਚੇ ਨੂੰ ਮਿਲ ਲਵਾਂਗਾ । ਜਦ ਵਰਿੰਦਰ ਸਿੰਘ ਨੇ ਅਜਿਹਾ ਕਿਹਾ ਤਾਂ ਅੱਗੋਂ ਪੁਲਿਸ ਦੇ ਨਾਮ ਹੇਠ ਆ ਰਹੀ ਕਾਲ ਬੰਦ ਹੋ ਗਈ । ਵਾਰ ਵਾਰ ਦੁਬਾਰਾ ਕਾਲ ਕਰਨ ਤੇ ਉਸ ਪੁਲਿਸ ਦੇ ਨਾਮ ਹੇਠ ਆ ਰਹੀ ਫੋਨ ਕਾਲ ਨੇ ਫੋਨ ਨਹੀਂ ਚੁੱਕਿਆ । ਵਰਿੰਦਰ ਸਿੰਘ ਮਲਹੋਤਰਾ ਨੇ ਸ਼ਹਿਰ ਵਾਸੀਆਂ ਨੂੰ ਵੀ ਅਪੀਲ ਕੀਤੀ ਕਿ ਅਜਿਹੇ ਨੰਬਰਾਂ ਤੋਂ ਸਾਵਧਾਨ ਰਿਹਾ ਜਾਏ ਇਹ ਕੰਪਿਊਟਰ ਵਿਧੀ ਨਾਲ ਲੋਕਾਂ ਨੂੰ ਬੇਵਕੂਫ ਬਣਾ ਕੇ ਉਹਨਾਂ ਨੂੰ ਲੁੱਟ ਰਹੇ ਹਨ

# ਜ਼ਿਲ੍ਹਾ ਰੋਜ਼ਗਾਰ ਬਿਊਰੋ ਵਲੋਂ ਪਲੇਸਮੈਂਟ ਕੈਂਪ ਅੱਜ



ਬਰਨਾਲਾ, (ਲੋਕ ਬਾਣੀ) ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਬਰਨਾਲਾ ਵੱਲੋਂ 20 ਸਤੰਬਰ ਦਿਨ ਸ਼ੁੱਕਰਵਾਰ ਨੂੰ ਸਵੇਰੇ 10 ਵਜੇ ਤੋਂ ਦੁਪਹਿਰ 01 ਵਜੇ ਤੱਕ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਬਰਨਾਲਾ, ਦੂਜੀ ਮੰਜ਼ਿਲ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਪਲੇਸਮੈਂਟ ਕੈਂਪ ਲਾਇਆ ਜਾ ਰਿਹਾ ਹੈ।

ਡਿਪਟੀ ਕਮਿਸ਼ਨਰ ਮੈਡਮ ਪੂਨਮਦੀਪ ਕੌਰ ਨੇ ਦੱਸਿਆ ਕਿ ਇਸ ਪਲੇਸਮੈਂਟ ਕੈਂਪ ਵਿਚ ਸ੍ਰੀ ਬਾਲਾ ਜੀ ਪੋਲੀਮਰਸ ਇੰਡਸਟਰੀਜ਼ , ਦੀਪ ਸੌਲਵੈਂਟ ਪ੍ਰਾਈਵੇਟ ਲਿਮਟਡ, ਟਾਸਕ ਟੈਂਗੋ ਪ੍ਰਾਈਵੇਟ ਲਿਮਟਡ, ਕੈਂਪੀਟਲ ਟਰੱਸਟ , ਪੇਟੀਅਮ ਕੰਪਨੀਆਂ ਹਿੱਸਾ ਲੈ ਰਹੀਆਂ ਹਨ। ਇਸ ਕੈਂਪ ਦੌਰਾਨ 10 ਵੀਂ ਤੋਂ ਲੈ ਕੇ ਗ੍ਰੈਜੂਏਸ਼ਨ ਤੱਕ ਦੇ (ਲੜਕੇ ਅਤੇ ਲੜਕੀਆਂ ਦੋਵੇਂ) ਪ੍ਰਾਰਥੀ ਹਿੱਸਾ ਲੈ ਸਕਦੇ ਹਨ। ਇਸ ਕੈਂਪ ਦੌਰਾਨ ਪ੍ਰਾਰਥੀਆਂ ਲਈ ਡਾਟਾ ਐਂਟਰੀ ਸ਼ਪੈਸ਼ਲਿਸਟ , ਸਕਿਊਰਟੀ ਗਾਰਡ, ਕੰਪਿਊਟਰ ਆਪ੍ਰੇਟਰ, ਅਕਾਊਂਟੈਂਟ, ਫੀਲਡ ਸਟਾਫ, ਕ੍ਰੈਡਿਟ ਵੈਰੀਫਿਕੇਸ਼ਨ ਅਫ਼ਸਰ, ਸੇਲਜ਼ ਐਗਜ਼ੀਕਿਊਟਿਵ ਆਦਿ ਦੀਆਂ ਅਸਾਮੀਆਂ ਹਨ।

ਇਸ ਸਬੰਧੀ ਜ਼ਿਲ੍ਹਾ ਰੋਜ਼ਗਾਰ ਉਤਪਤੀ, ਹੁਨਰ ਵਿਕਾਸ ਅਤੇ ਸਿਖਲਾਈ ਅਫਸਰ ਬਰਨਾਲਾ ਨਵਜੋਤ ਕੌਰ ਨੇ ਦੱਸਿਆ ਕਿ ਉਪਰੋਕਤ ਅਸਾਮੀਆਂ ਲਈ ਉਮਰ ਹੱਦ 18 ਤੋਂ 40 ਸਾਲ ਹੈ। ਇੰਟਰਵਿਊ ਲਈ ਪ੍ਰਾਰਥੀ ਫਾਰਮਲ ਡਰੈਸ ਵਿੱਚ ਸ਼ਾਮਲ ਹੋਣ ਅਤੇ ਵਿਦਿਅਕ ਯੋਗਤਾ ਸਬੰਧੀ ਦਸਤਾਵੇਜ਼ ,ਬਾਇਓ-ਡਾਟਾ (10ਵੀਂ, 12ਵੀਂ, ਗ੍ਰੈਜੂਏਸ਼ਨ, ਅਧਾਰ ਕਾਰਡ, ਸਮੇਤ ਫੋਟੋ ਕਾਪੀਆਂ) ਲਾਜ਼ਮੀ ਨਾਲ ਲੈ ਕੇ ਆਉਣ। ਇਸ ਤੋਂ ਇਲਾਵਾ ਚਾਹਵਾਨ ਅਤੇ ਲੋੜਵੰਦ ਪ੍ਰਾਰਥੀ ਜਿਨ੍ਹਾਂ ਨੇ ਹਾਲ ਹੀ ਵਿਚ ਦਸਵੀਂ, ਬਾਰਵੀਂ ਜਾਂ ਗ੍ਰੈਜੂਏਸ਼ਨ ਆਦਿ ਪਾਸ ਕੀਤੀ ਹੈ, ਉਹ ਇਸ ਦਫਤਰ ਵੱਲੋਂ ਕਰੀਅਰ ਪਲੈਨਿੰਗ ਲਈ ਮੁਫਤ ਕਰੀਅਰ ਕਾਊਂਸਲਿੰਗ ਦੀ ਸਹੂਲਤ ਵੀ ਪ੍ਰਾਪਤ ਕਰ ਸਕਦੇ ਹਨ।

ਵਧੇਰੇ ਜਾਣਕਾਰੀ ਲਈ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਬਰਨਾਲਾ ਦੇ ਹੈਲਪਲਾਇਨ ਨੰਬਰ 94170-39072 ਤੇ ਸੰਪਰਕ ਕਰੋ।

# ਵਿਧਾਇਕ ਮੁੰਡੀਆਂ ਨੇ ਜੰਡਿਆਲੀ ਪਿੰਡ ਚ ਛੱਪੜ ਦੇ ਨਵੀਨੀਕਰਨ ਦਾ ਉਦਘਾਟਨ ਕੀਤਾ



ਸ੍ਰੀ ਮਾਛੀਵਾੜਾ ਸਾਹਿਬ-(ਲੋਕ ਬਾਣੀ)— ਕੁਹਾੜਾ ਵਿਧਾਨ ਸਭਾ ਹਲਕਾ ਸਾਹਨੇਵਾਲ ਤੋਂ ਵਿਧਾਇਕ ਹਰਦੀਪ ਸਿੰਘ ਮੁੰਡੀਆਂ ਵੱਲੋਂ ਪਿੰਡ ਜੰਡਿਆਲੀ ਦੇ ਛੱਪੜ ਦੇ ਨਵੀਨੀਕਰਨ ਦਾ ਉਦਘਾਟਨ ਸਥਾਨਕ ਵਸਨੀਕਾਂ ਸਾਬਕਾ ਸਰਪੰਚ ਧਰਮਜੀਤ ਸਿੰਘ ਗਿੱਲ ਦੇ ਸਹਿਯੋਗ ਨਾਲ ਕੀਤਾ।ਵਿਧਾਇਕ ਮੁੰਡੀਆਂ ਨੇ ਕਿਹਾ ਕਿ ਸੂਬੇ ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਗਤੀਸ਼ੀਲ ਅਗਵਾਈ ਅਤੇ ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ ਮੰਤਰੀ ਲਾਲਜੀਤ ਸਿੰਘ ਭੁੱਲਰ ਦੀ ਰਹਿਨੁਮਾਈ ਹੇਠ ਪਿੰਡ ਜੰਡਿਆਲੀ ਦੇ ਛੱਪੜ ਦਾ ਨਵੀਨੀਕਰਨ ਕਰਵਾਇਆ ਗਿਆ ਹੈ।ਉਨ੍ਹਾਂ ਅੱਗੇ ਦੱਸਿਆ ਕਿ ਪਹਿਲਾਂ ਲੋਕਾਂ ਵਲੋਂ ਇੱਥੇ ਕੂੜਾ ਕਰਕਟ ਸੁੱਟਿਆ ਜਾਂਦਾ ਸੀ ਅਤੇ ਨਾਜਾਇਜ਼ ਕਬਜ਼ੇ ਕੀਤੇ ਹੋਏ ਸਨ। ਛੱਪੜ ਦਾ ਪਾਣੀ ਹੁਣ ਬਿਲਕੁਲ ਸਾਫ ਸੁੱਥਰਾ ਹੈ ਜਿਸ ਨੂੰ ਸਿੰਚਾਈ ਲਈ ਵੀ ਵਰਤਿਆ ਜਾ ਸਕਦਾ ਹੈ।

ਵਿਧਾਇਕ ਹਰਦੀਪ ਸਿੰਘ ਮੁੰਡੀਆਂ ਨੇ ਕਿਹਾ ਕਿ ਸੂਬੇ ਵਿੱਚ ਆਮ ਆਦਮੀ ਪਾਰਟੀ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਲੋਕਾਂ ਨੂੰ ਮਿਆਰੀ ਸਿੱਖਿਆ, ਸਿਹਤ ਸੇਵਾਵਾਂ ਅਤੇ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣ ਲਈ ਵਚਨਬੱਧ ਹੈ ਜਿਸਦੇ ਤਹਿਤ ਹਲਕਾ ਸਾਹਨੇਵਾਲ ਵਿੱਚ ਵਿਕਾਸ ਪ੍ਰੋਜੈਕਟ ਜੰਗੀ ਪੱਧਰ ਤੇ ਜਾਰੀ ਹਨ।ਇਸ ਮੌਕੇ ਸਾਬਕਾ ਸਰਪੰਚ ਧਰਮਜੀਤ ਸਿੰਘ ਗਿੱਲ, ਰਛਪਾਲ ਸਿੰਘ ਪੀ.ਏ., ਮਾਸਟਰ ਸਾਧੂ ਸਿੰਘ, ਧਰਮਜੀਤ ਸਿੰਘ ਸੋਨੀ ਗਿੱਲ, ਬਾਬਾ, ਰੋਮਲ ਗਿੱਲ,ਨਵਕਰਨ ਸਿੰਘ ਗਿੱਲ,, ਸਿਵਦੀਪ ਸਿੰਘ, ਇਕਬਾਲ ਸਿੰਘ ਬੱਬੂ ਬਾਬਾ,ਕੁਲਜੀਤ ਸਿੰਘ, ਕੁਲਵਿੰਦਰ ਸ਼ਾਰਧੇ, ਸੌਦਾਗਰ ਸਿੰਘ, ਜਗਨ ਸਿੰਘ ਸਾਬਕਾ ਪੰਚ, ਜੀਤਾ ਸਿੰਘ, ਸੁਰਿੰਦਰ ਚੌਧਰੀ, ਹਰਦੀਪ ਸਿੰਘ ਦੀਪਾ, ਭਗਵਾਨ ਸਿੰਘ ਗਿੱਲ, ਮਲਕੀਤ ਸਿੰਘ ਘੋਗੀ, ਸ਼ਮਸ਼ੇਰ ਸਿੰਘ ਗਿੱਲ, ਜਸਪਾਲ ਸਿੰਘ ਪ੍ਰਧਾਨ, ਅਮਨਦੀਪ ਸਿੰਘ, ਅਜਮੇਰ ਸਿੰਘ,ਸੁਖਵੰਤ ਸਿੰਘ ਗਿੱਲ ਰਣਜੋਧ ਸਿੰਘ ਗਿੱਲ,ਸੁਖਦੇਵ ਸਿੰਘ ਸੁੱਖੀ, ਗੋਗੀ ਸਿੰਘ ਰਣਜੀਤ ਸਿੰਘ ਮੁੰਡੀ,ਗੁਰਪ੍ਰੀਤ ਸਿੰਘ ਗੋਪੀ,ਰਮਨ ਸਿੰਘ ਸਰੂਪ ਸਿੰਘ, ਮੇਲਾ ਸਿੰਘ, ਸੁਰਿੰਦਰ ਪਾਲ ਸਿੰਘ, ਐਸ ਪੀ ਸਿੰਘ, ਮਨਪ੍ਰੀਤ ਸਿੰਘ ਬੋਪਾਰਾਏ, ਮਨਪ੍ਰੀਤ ਸਿੰਘ ਮਨੀ, ਹਰਦੀਪ ਸਿੰਘ ਗਿੱਲ, ਬਲਰਾਜ ਸਿੰਘ ਹਾਰਾ, ਬਿੱਕਰ ਸਿੰਘ ਚੱਕੀ ਵਾਲੇ, ਡਾਕਟਰ ਮਨਜੀਤ ਸਿੰਘ ਸਾਬਕਾ ਪੰਚ, ਸਾਬਕਾ ਪੰਚ ਬਲਦੇਵ ਸਿੰਘ, ਹਰਬੰਸ ਸਿੰਘ ਪੰਚ, ਜੇ.ਪੀ ਸਿੰਘ, ਸੁਖਵੰਤ ਸਿੰਘ ਗਿੱਲ, ਤੀਰਥ ਸਿੰਘ ਗਿੱਲ, ਜਸਵੰਤ ਸਿੰਘ ਚੌਂਕੀਦਾਰ, ਇੰਦਰਜੀਤ ਸਿੰਘ, ਸੁਰਿੰਦਰ ਚੌਧਰੀ, ਬੱਬੂ ਮੁੰਡੀਆਂ ਤੋਂ ਇਲਾਵਾ ਪਿੰਡ ਦੇ ਵਸਨੀਕ ਵੀ ਮੌਜੂਦ ਸਨ।

# ਮਾਛੀਵਾੜਾ ਦੇ ਨੌਜਵਾਨ ਦੀ ਅਮਰੀਕਾ ਸੜਕ ਹਾਦਸੇ ਵਿਚ ਮੌਤ



ਸ੍ਰੀ ਮਾਛੀਵਾੜਾ ਸਾਹਿਬ, (ਲੋਕ ਬਾਣੀ) - ਅੱਜ ਅਮਰੀਕਾ ਤੋਂ ਬੜੀ ਦੁਖਦਈ ਖ਼ਬਰ ਸਾਹਮਣੇ ਆਈ ਜਦੋਂ ਉੱਥੇ ਮਾਛੀਵਾੜਾ ਸਾਹਿਬ ਦੇ ਨੌਜਵਾਨ ਬਲਜੋਤ ਸਿੰਘ (23) ਦੀ ਸੜਕ ਹਾਦਸੇ ਵਿਚ ਮੌਤ ਹੋ ਗਈ। ਇੱਥੋਂ ਦੀ ਐੱਨ.ਆਰ.ਆਈ. ਕਾਲੋਨੀ ਦੇ ਵਾਸੀ ਨਗਿੰਦਰ ਸਿੰਘ ਨੇ ਆਪਣੇ ਇਕਲੌਤੇ ਪੁੱਤਰ ਬਲਜੋਤ ਸਿੰਘ ਨੂੰ 2019 ਵਿਚ ਚੰਗੇ ਭਵਿੱਖ ਲਈ ਵਿਦੇਸ਼ ਅਮਰੀਕਾ ਭੇਜਿਆ ਸੀ। ਬਲਜੋਤ ਸਿੰਘ ਅਮਰੀਕਾ ਦੇ ਕੈਲੇਫੋਰਨੀਆਂ ਸ਼ਹਿਰ ਵਿਚ ਰਹਿ ਰਿਹਾ ਸੀ ਜਿੱਥੇ ਉਹ ਟਰਾਲਾ ਚਲਾਉਣ ਦਾ ਕੰਮ ਕਰਦਾ ਸੀ। ਕੱਲ੍ਹ ਉਹ ਟਰਾਲਾ ਲੈ ਕੇ ਸਮਾਨ ਦੀ ਢੋਆ-ਢੁਆਈ ਕਰਨ ਲਈ 1-80 ਵੱਮਿਗ ਰਾਅਲਿਨਸ ਰੋਡ 'ਤੇ ਜਾ ਰਿਹਾ ਸੀ ਕਿ ਅਚਾਨਕ ਟਰਾਲਾ ਸੰਤੁਲਨ ਗਵਾ ਬੈਠਾ ਤੇ ਪਲਟ ਗਿਆ। ਇਸ ਹਾਦਸੇ ਵਿਚ ਚਾਲਕ ਬਲਜੋਤ ਸਿੰਘ ਟਰਾਲੇ ਤੋਂ ਬਾਹਰ ਗਿਰ ਗਿਆ ਜਿਸ ਉੱਪਰ ਟਰਾਲਾ ਪਲਟ ਗਿਆ ਜਿਸ ਦੀ ਮੌਕੇ 'ਤੇ ਹੀ ਮੌਤ ਹੋ ਗਈ। ਅੱਜ ਤੜਕੇ ਜਿਉਂ ਹੀ ਮਾਪਿਆਂ ਨੂੰ ਆਪਣੇ ਨੌਜਵਾਨ ਇਕਲੌਤੇ ਪੁੱਤਰ ਦੀ ਖ਼ਬਰ ਮਿਲੀ ਤਾਂ ਘਰ ਵਿਚ ਕੋਹਰਾਮ ਮਚ ਗਿਆ। ਮਾਛੀਵਾੜਾ ਸਾਹਿਬ ਵਿਖੇ ਰਹਿੰਦੇ ਮ੍ਰਿਤਕ ਬਲਜੋਤ ਸਿੰਘ ਦੇ ਮਾਪਿਆਂ ਤੋਂ ਇਲਾਵਾ ਰਿਸ਼ਤੇਦਾਰਾਂ ਦਾ ਰੋ-ਰੋ ਕੇ ਬੁਰਾ ਹਾਲ ਸੀ। ਮ੍ਰਿਤਕ ਨੌਜਵਾਨ ਦੀ ਭੈਣ ਆਸਟ੍ਰੇਲੀਆ ਵਿਖੇ ਰਹਿੰਦੀ ਹੈ। ਪਰਿਵਾਰਕ ਮੈਂਬਰਾਂ ਵਲੋਂ ਬਲਜੋਤ ਸਿੰਘ ਦੇ ਵਿਆਹ ਬਾਰੇ ਸੋਚਿਆ ਜਾ ਰਿਹਾ ਸੀ ਪਰ ਅਜਿਹੀ ਅਣਹੋਣੀ ਵਾਪਰੀ ਕਿ ਸਭ ਕੁਝ ਤਬਾਹ ਹੋ ਗਿਆ। ਨੌਜਵਾਨ ਬਲਜੋਤ ਸਿੰਘ ਦੀ ਮੌਤ ਨਾਲ ਇਲਾਕੇ ਵਿਚ ਸੋਗ ਦੀ ਲਹਿਰ ਦੌੜ ਗਈ। ਜ਼ਿਕਰਯੋਗ ਹੈ ਕਿ ਕੁਝ ਦਿਨ ਪਹਿਲਾਂ ਹੀ ਮਾਛੀਵਾੜਾ ਸਾਹਿਬ ਦੇ ਇੱਕ ਹੋਰ ਨੌਜਵਾਨ ਦੀ ਅਮਰੀਕਾ ਸੜਕ ਹਾਦਸੇ ਵਿਚ ਮੌਤ ਹੋ ਗਈ ਸੀ ਜਿਸ ਤੋਂ ਬਾਅਦ ਵਿਦੇਸ਼ਾਂ ਵਿਚ ਰਹਿੰਦੇ ਆਪਣੀਆਂ ਔਲਾਦਾਂ ਲਈ ਮਾਪੇ ਚਿੰਤਤ ਦਿਖਾਈ ਦੇ ਰਹੇ ਹਨ।

# ਕਿਸਾਨਾਂ ਨੂੰ ਸਰਕਾਰ ਵਲੋਂ ਸਬਸਿਡੀ ਤੇ ਦਿੱਤੀ ਜਾਂਦੀ ਮਸ਼ੀਨਰੀ ਦਾ ਲਾਹਾ ਲੈਣ ਦਾ ਸੱਦਾ


ਬਰਨਾਲਾ, (ਲੋਕ ਬਾਣੀ) ਡਿਪਟੀ ਕਮਿਸ਼ਨਰ ਬਰਨਾਲਾ ਮੈਡਮ ਪੂਨਮਦੀਪ ਕੌਰ ਦੀ ਅਗਵਾਈ ਹੇਠ ਜ਼ਿਲ੍ਹਾ ਪ੍ਰਸ਼ਾਸਨ ਬਰਨਾਲਾ ਅਤੇ ਖੇਤੀਬਾੜੀ ਵਿਭਾਗ ਬਰਨਾਲਾ ਵਲੋਂ ਪਰਾਲੀ ਪ੍ਰਬੰਧਨ ਬਾਰੇ ਮੁਹਿਮ ਜਾਰੀ ਹੈ। ਇਸ ਮੁਹਿੰਮ ਤਹਿਤ ਜਿੱਥੇ ਸੀਨੀਅਰ ਅਫ਼ਸਰਾਂ ਵਲੋਂ ਪਿੰਡਾਂ ਵਿੱਚ ਕਿਸਾਨਾਂ ਨਾਲ ਰਾਬਤਾ ਬਣਾਇਆ ਜਾ ਰਿਹਾ ਹੈ, ਓਥੇ ਕਲੱਸਟਰ ਅਫ਼ਸਰਾਂ ਵਲੋਂ ਵੀ ਨੁੱਕੜ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ।

ਇਸੇ ਲੜੀ ਤਹਿਤ ਉਪ ਮੰਡਲ ਮੈਜਿਸਟਰੇਟ ਬਰਨਾਲਾ ਸ. ਗੁਰਬੀਰ ਸਿੰਘ ਕੋਹਲੀ ਵਲੋਂ ਪਿੰਡ ਠੀਕਰੀਵਾਲ ਅਤੇ ਕਾਲੇਕੇ ਸਮੇਤ ਵੱਖ ਵੱਖ ਪਿੰਡਾਂ ਵਿੱਚ ਕਿਸਾਨਾਂ ਨਾਲ ਮੀਟਿੰਗਾਂ ਕੀਤੀਆਂ ਗਈਆਂ। ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਪਰਾਲੀ ਨੂੰ ਅੱਗ ਨਾ ਲਾਉਣ ਬਲਕਿ ਸਬਸਿਡੀ ਵਾਲੀ ਮਸ਼ੀਨਰੀ ਦਾ ਲਾਹਾ ਲੈਂਦੇ ਹੋਏ ਪਰਾਲੀ ਦਾ ਸੁਚੱਜਾ ਨਿਬੇੜਾ ਕਰਨ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਪਰਾਲੀ ਪ੍ਰਬੰਧਨ ਮੁਹਿੰਮ ਤਹਿਤ ਸਿਰਤੋੜ ਯਤਨ ਕੀਤੇ ਜਾ ਰਹੇ ਹਨ ਕਿ ਕਿਸਾਨਾਂ ਨੂੰ ਪਰਾਲੀ ਪ੍ਰਬੰਧਨ ਵਿੱਚ ਕੋਈ ਮੁਸ਼ਕਿਲ ਪੇਸ਼ ਨਾ ਆਵੇ।



ਇਸੇ ਤਰ੍ਹਾਂ ਖੇਤੀਬਾੜੀ ਵਿਭਾਗ ਅਤੇ ਕਲੱਸਟਰ ਅਫ਼ਸਰਾਂ ਵਲੋਂ ਵੀ ਮੀਟਿੰਗਾਂ ਜਾਰੀ ਹਨ।

# ਪੈਨਸ਼ਨਰਜ ਜੁਆਇੰਟ ਫਰੰਟ ਵੱਲੋਂ ਡਿਪਟੀ ਕਮਿਸ਼ਨਰ ਨੂੰ ਆਪਣੀਆਂ ਮੰਗਾਂ ਲਈ ਦਿੱਤਾ ਮੰਗ ਪੱਤਰ



ਬਾਲਿਆਂ ਵਾਲੀ, (ਲੋਕ ਬਾਣੀ) ਪੰਜਾਬ ਗੌਰਮਿੰਟ ਪੈਨਸ਼ਨਰ ਜੁਆਇੰਟ ਪੈਨਸ਼ਨਰਜ ਫਰੰਟ ਪੰਜਾਬ ਦੇ ਸੱਦੇ ਤੇ ਅੱਜ ਡਿਪਟੀ ਕਮਿਸ਼ਨਰ ਬਠਿੰਡਾ ਨੂੰ ਰੋਸ ਮਾਰਚ ਕਰਕੇ ਮੰਗ ਪੱਤਰ ਦਿੱਤਾ ਗਿਆ । ਫਰੰਟ ਦੇ ਕਨਵੀਨਰਾਂ ਰਣਜੀਤ ਸਿੰਘ ਤੂਰ ਪੰਜਾਬ ਪੁਲਿਸ ਪੈਨਸ਼ਨਰਜ਼, ਕੈਲਾਸ਼ ਚੰਦਰ,ਦਰਸ਼ਨ ਸਿੰਘ ਮੌੜ, ਗੁਰਮੇਲ ਸਿੰਘ ਪੀਐਸਪੀਸੀਐਲ ਨੇ ਮੰਗ ਕੀਤੀ ਕਿ ਸਾਰੀ ਪੈਨਸ਼ਨਰਜ ਨੂੰ ਛੇਵੇਂ ਤਨਖਾਹ ਕਮਿਸ਼ਨ ਦੀ ਰਿਪੋਰਟ ਅਨੁਸਾਰ 2.59 ਦਾ ਗੁਣਾਂਕ ਦਿੱਤਾ ਜਾਵੇ । ਇਸ ਦੇ ਨਾਲ ਹੀ 227 ਮਹੀਨਿਆਂ ਦਾ ਮਹਿੰਗਾਈ ਭੱਤੇ ਦਾ ਬਕਾਇਆ, ਪੇ ਕਮਿਸ਼ਨ ਅਨੁਸਾਰ ਪੈਨਸ਼ਨ ਰਿਵੀਜ਼ਨ ਦਾ ਬਕਾਇਆ ਅਤੇ ਫਿਕਸ ਮੈਡੀਕਲ ਭੱਤਾ 2000 ਦਿੱਤਾ ਜਾਵੇ ਫਰੰਟ ਦੇ ਕਨਵੀਨਰਾਂ ਆਤਮਜੀਤ ਸਿੰਘ, ਰਣਜੀਤ ਸਿੰਘ ਸਿੱਧੂ ਅਤੇ ਜਤਿੰਦਰ ਕ੍ਰਿਸ਼ਨ ਨੇ ਕਿਹਾ ਕਿ ਜੇਕਰ ਸਰਕਾਰ ਮੰਗਾਂ ਨਹੀਂ ਮੰਨਦੀ ਤਾਂ 22 ਅਕਤੂਬਰ ਨੂੰ ਚੰਡੀਗੜ੍ਹ ਵਿਖੇ ਮਹਾਂ ਰੈਲੀ ਕੀਤੀ ਜਾਵੇਗੀ । ਉਨਾਂ ਦੋਸ਼ ਲਗਾਇਆ ਕਿ ਸਰਕਾਰ ਮੀਟਿੰਗਾਂ ਦਾ ਸਮਾਂ ਦੇ ਕੇ ਬਾਰ ਬਾਰ ਗੱਲਬਾਤ ਕਰਨ ਤੋਂ ਭੱਜ ਰਹੀ ਹੈ । ਜੇਕਰ ਸਰਕਾਰ ਨੇ ਟਾਲ ਮਟੋਲ ਦੀ ਨੀਤੀ ਨਾ ਛੱਡੀ ਤਾਂ ਫਰੰਟ ਅਗਲੇ ਸੰਘਰਸ਼ਾਂ ਲਈ ਤਿਆਰ ਹੈ । ਇਸ ਮੌਕੇ ਵਿਸ਼ਲੇਸ਼ਕ ਅਤੇ ਚਿੰਤਕ ਮਾਲਵਿੰਦਰ ਸਿੰਘ ਮਾਲੀ ਨੂੰ ਤੁਰੰਤ ਰਿਹਾ ਕਰਨ ਦੀ ਮੰਗ ਕੀਤੀ ਗਈ ਬਸ ਕਿਰਾਏ ਵਿੱਚ ਕੀਤੇ ਵਾਧੇ ਨੂੰ ਵਾਪਸ ਲੈਣ ਅਤੇ ਪੈਟਰੋਲ ਤੇ ਡੀਜ਼ਲ ਤੇ ਵਧਾਏ ਗਏ ਵਾਧੇ ਨੂੰ ਵਾਪਸ ਲੈਣ ਦਾ ਮਤਾ ਵੀ ਪਾਸ ਕੀਤਾ ਗਿਆ । ਇਸ ਮੌਕੇ ਹੋਰਨਾਂ ਤੋਂ ਇਲਾਵਾ ਗੁਰਦਰਸ਼ਨ ਸਿੰਘ ਸਮੇਤ ਬਹੁਤ ਸਾਰੇ ਆਗੂ ਹਾਜ਼ਰ ਸਨ ।

# ਗਿੱਦੜਬਾਹਾ ਦੇ ਵਿੱਚ ਰਾਮ ਲਛਮਣ ਦੀ ਜੋੜੀ ਤਾਰੀਫ ਕਰੋ ਜਿੰਨੀ ਮਰਜ਼ੀ ਉਹ ਵੀ ਹੈ ਥੋੜੀ

ਗਿੱਦੜਬਾਹਾ(ਲੋਕ ਬਾਣੀ) ਤੋਂ ਸ਼੍ਰੋਮਣੀ ਅਕਾਲੀ ਦਲ ਬਾਦਲ ਪਾਰਟੀ ਦੇ ਮੁੱਖ ਸੇਵਾਦਾਰ ਰਹੇ ਸਰਦਾਰ ਹਰਦੀਪ ਸਿੰਘ ਡਿੰਪੀ ਢਿੱਲੋਂ ਵੱਲੋਂ ਜਦੋਂ ਦੀ ਸ਼੍ਰੋਮਣੀ ਅਕਾਲੀ ਦਲ ਬਾਦਲ ਪਾਰਟੀ ਨੂੰ ਅਲਵਿਦਾ ਕੇ ਆਮ ਆਦਮੀ ਪਾਰਟੀ ਦਾ ਪੱਲਾ ਫੜਿਆ ਹੈ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਸਾਹਿਬ ਦੀ ਅਗਵਾਈ ਦੇ ਵਿੱਚ ਆਮ ਆਦਮੀ ਪਾਰਟੀ ਦੇ ਵਿੱਚ ਸ਼ਾਮਿਲ ਹੋਏ ਸਰਦਾਰ ਹਰਦੀਪ ਸਿੰਘ ਡਿੰਪੀ ਢਿੱਲੋ ਅਤੇ ਉਨ੍ਹਾਂ ਦੇ ਛੋਟੇ ਭਰਾ ਸ ਸੰਨੀ ਢਿੱਲੋ ਵੱਲੋਂ ਗਿੱਦੜ ਬਾਹਾ ਦੀ ਜ਼ਿਮਨੀ ਚੋਣ ਲੜਨ ਨੂੰ ਲੈ ਕੇ ਹੁਣ ਹਲਕੇ ਦੇ ਪਿੰਡਾਂ ਦੇ ਵਿੱਚ ਦੋਨਾਂ ਭਰਾਵਾਂ ਦੀ ਰਾਮ ਲਛਮਣ ਵਾਲੀ ਜੋੜੀ ਵੱਲੋਂ ਜ਼ਿਮਨੀ ਚੋਣ ਨੂੰ ਲੈ ਕੇ ਆਮ ਆਦਮੀ ਪਾਰਟੀ ਦੇ ਹੱਕ ਵਿੱਚ ਵੋਟ ਪਾਉਣ ਦੇ ਲਈ ਹਲਕੇ ਦੇ ਪਿੰਡਾਂ ਦੇ ਵਿੱਚ ਆਪਣਾ ਚੋਣ ਪ੍ਰਚਾਰ ਕੀਤਾ ਜਾ ਰਿਹਾ ਹੈ ਜਿਸ ਨੂੰ ਲੈ ਕੇ ਪਿੰਡਾਂ ਦੇ ਲੋਕਾਂ ਵੱਲੋਂ ਭਰਵਾਂ ਹੁੰਗਾਰਾ ਮਿਲ ਰਿਹਾ ਹੈ ਇਨ੍ਹਾਂ ਦੋਵਾਂ ਭਰਾਵਾਂ ਨੂੰ ਇਕੱਠੇ ਤੁਰੇ ਜਾਂਦੇ ਨੂੰ ਵੇਖਕੇ ਪਿੰਡਾਂ ਦੇ ਲੋਕਾਂ ਇਹੋ ਸੋਚਣ ਲੱਗ ਗਏ ਕਿ ਰਾਮ ਲਛਮਣ ਦੀ ਇਹੇ ਜੋੜੀ ਬੜ੍ਹੀ ਜੱਚਦੀ ਹੈ ਤੇ ਭੁਲੇਖਾ ਪਾਉਂਦੀ ਹੈ ਸਵਰਗੀ ਸਰਦਾਰ ਪ੍ਰਕਾਸ਼ ਸਿੰਘ ਬਾਦਲ ਅਤੇ ਸਵਰਗੀ ਸਰਦਾਰ ਗੁਰਦਾਸ ਸਿੰਘ ਬਾਦਲ ਦਾ ਜਦੋਂ ਉਹ ਦੋਨੇ ਭਰਾ ਇਕੱਠੇ ਬੈਠੇ ਹੁੰਦੇ ਸਨ ਤੇ ਲੋਕ ਰਾਮ ਲਛਮਣ ਹੀ ਕਹਿੰਦੇ ਸਨ ਉਹੀ ਹਾਲਾਤ ਗਿੱਦੜਬਾਹਾ ਹਲਕੇ ਦੇ ਆਮ ਆਦਮੀ ਪਾਰਟੀ ਦੇ ਆਗੂ ਸ ਹਰਦੀਪ ਸਿੰਘ ਡਿੰਪੀ ਢਿੱਲੋਂ ਅਤੇ ਸ ਸੰਨੀ ਢਿੱਲੋ ਜਦੋਂ ਕਿਸੇ ਪਿੰਡ ਦੇ ਵਿੱਚ ਇਕੱਠੇ ਹੁੰਦੇ ਹਨ ਉਸ ਸਮੇਂ ਉਹੋ ਹੀ ਭੁਲੇਖਾ ਪਾਉਂਦੇ ਹਨ ਭਾਵੇਂ ਚਾਹੇ ਸਰਦਾਰ ਹਰਦੀਪ ਸਿੰਘ ਡਿੰਪੀ ਢਿੱਲੋਂ ਸ਼੍ਰੋਮਣੀ ਅਕਾਲੀ ਦਲ ਪਾਰਟੀ ਨੂੰ ਅਲਵਿਦਾ ਆਖ ਗਏ ਹਨ ਪਰ ਚਲ ਚਲਨ ਦੋਨਾਂ ਭਰਾਵਾਂ ਦਾ ਰਾਮ ਲਛਮਣ ਵਰਗਾ ਹੀ ਹੈ ਲੋਕਾਂ ਦੇ ਦਿਲਾਂ ਦੇ ਵਿੱਚ ਰਾਜ ਕਰਦੇ ਨੇ ਹਰਦੀਪ ਸਿੰਘ ਡਿੰਪੀ ਢਿੱਲੋ ਅਤੇ ਸੰਨੀ ਢਿੱਲੋ ਲੋਕਾਂ ਦੇ ਹਰਮਨ ਪਿਆਰੇ ਨੇਤਾ ਹਨ ਦੁੱਖ ਸੁੱਖ ਦੇ ਵਿੱਚ ਸਾਥ ਖੜਨ ਵਾਲੇ ਨੇ ਹੁਣ ਮੌਕਾ ਗਿੱਦੜਬਾਹਾ ਹਲਕੇ ਦੇ ਲੋਕਾਂ ਦੇ ਹੱਥ ਦੇ ਵਿੱਚ ਜੋ ਕਿ ਸਰਦਾਰ ਹਰਦੀਪ ਸਿੰਘ ਡਿੰਪੀ ਢਿੱਲੋ ਨੂੰ ਆਮ ਆਦਮੀ ਪਾਰਟੀ ਵੱਲੋਂ ਜਿਤਾ ਕੇ ਪੰਜਾਬ ਵਿਧਾਨ ਸਭਾ ਦੀਆਂ ਪੌੜੀਆਂ ਚੜ੍ਹਾ ਦੇਣ ਫਿਰ ਵੇਖੋਗੇ ਗਿੱਦੜਬਾਹਾ ਹਲਕੇ ਦੇ ਵਿਕਾਸ ਦੇ ਕੰਮ ਕਿਵੇਂ ਹੁੰਦੇ ਹਨ ਹੁਣ ਲੋਕਾਂ ਦੇ ਹੱਥ ਬਹੁਤ ਵਧੀਆ ਮੌਕਾ ਹੈ ਜੋ ਹਰਦੀਪ ਸਿੰਘ ਡਿੰਪੀ ਢਿੱਲੋ ਸੰਨੀ ਢਿੱਲੋ ਦੋਵੇਂ ਰਾਮ ਲਸ਼ਮਣ ਦੀ ਜੋੜੀ ਕੰਮ ਕਰਦੇ ਨੇ ਬਥੇਰੇ ਪਰ ਤਰੀਫ ਕਰੇ ਜਿੰਨੀ ਮਰਜ਼ੀ ਪਰ ਉਹ ਵੀ ਐ ਥੋੜੀ ਹਰ ਦੁੱਖ ਸੁੱਖ ਦੇ ਵਿੱਚ ਸਾਥ ਦੇਣ ਵਾਲੇ ਦੋਨੇ ਭਰਾ ਹਰ ਸਮੇਂ ਰਹਿੰਦੇ ਨੇ ਤਿਆਰ ਇਸ ਲਈ ਗਿੱਦੜਬਾਹਾ ਹਲਕੇ ਦੇ ਹਰਮਨ ਪਿਆਰੇ ਨੇਤਾ ਨੇ ਦੋਨੇ ਭਰਾ ਇਸ ਵਾਰ ਤਾਂ ਇੱਕ ਅਪੀਲ ਹੀ ਹੈ ਹਲਕੇ ਦੇ ਲੋਕਾਂ ਨੂੰ ਇਸ ਵਾਰ ਡਿੰਪੀ ਢਿੱਲੋ ਨੂੰ ਦੇਵਾਂਗੇ ਇੱਕ ਮੌਕਾ ਦੇ ਦਿਓ ਗਲੀ ਗਲੀ ਜਾ ਕੇ ਦੇਓ ਹੋਕਾ ਜੋ ਕੰਮ 15 ਸਾਲਾਂ ਦੇ ਵਿੱਚ ਕਾਂਗਰਸ ਪਾਰਟੀ ਦੇ ਸਾਬਕਾ ਵਿਧਾਇਕ ਅਮਰਿੰਦਰ ਸਿੰਘ ਰਾਜਾ ਵੜਿੰਗ ਜੋਂ ਕੋਈ ਕੰਮ ਨਹੀਂ ਕਰਾ ਸਕੇ ਵਿਧਾਇਕ ਹੁੰਦਿਆਂ ਪੰਜਾਬ ਦੇ ਵਿੱਚ ਸਰਕਾਰ ਹੁੰਦਿਆਂ ਗਿੱਦੜਬਾਹਾ ਦੇ ਕਈ ਵਿਕਾਸ ਦੇ ਕੰਮ ਅਜੇ ਵੀ ਅਧੂਰੇ ਪਏ ਨੇ ਜੇ ਉਹ ਪੂਰੇ ਕਰਨੇ ਹੈ ਤਾਂ ਇੱਕ ਵਾਰ ਡਿੰਪੀ ਢਿੱਲੋ ਨੂੰ ਗਿੱਦੜਬਾਹਾ ਦੀ ਬਾਗਡੋਰ ਫੜਾ ਦਈਏ



ਫਿਰ ਹੋਣਗੇ ਕੰਮ ਬਥੇਰੇ ਹੁਣ ਵੀ ਨਹੀਂ ਰੁਕਦੇ ਜੋ ਵੀ ਕੋਈ ਰਾਮ ਲਸ਼ਮਣ ਦੀ ਜੋੜੀ ਦੇ ਕੋਲ ਕਿਸੇ ਵੀ ਕੰਮ ਦੇ ਲਈ ਆਇਆ ਉਨ੍ਹਾਂ ਨੇ ਕਦੇ ਮੱਥੇ ਵੱਟ ਨਹੀਂ ਪਾਇਆ ਅਗਲੇ ਦਾ ਕੰਮ ਕਰਕੇ ਵਿਖਾਇਆ ਜੇ ਹੁਣ ਗੱਲ ਕਰੀਏ ਗਿੱਦੜਬਾਹਾ ਸ਼ਹਿਰ ਅਤੇ ਪਿੰਡ ਦੇ ਵਿਚਕਾਰ ਪੈਂਦੀਆਂ ਰੇਲਵੇ ਲਾਈਨਾਂ ਤੋਂ ਪਿੰਡ ਵਾਲੀ ਸਾਈਡ ਜੋ ਸਹੂਲਤਾਂ ਤੋਂ ਵਾਂਝੇ ਨੇ ਉਹ ਵੀ ਇਹ ਡਿੰਪੀ ਢਿੱਲੋ ਜੀ ਹੀ ਪੂਰੀਆਂ ਕਰਾ ਸਕਦੇ ਨੇ ਇੱਕ ਵਾਰ ਮੌਕਾ ਦੇਈਏ ਜੋ ਕਹਿੰਦੇ ਆ ਉਹ ਕਰ ਵਿਖਾਉਂਦੇ ਹ ਤਾਂ ਹੀ ਤਾਂ ਲੋਕਾਂ ਦੀ ਹਰਮਨ ਪਿਆਰੇ ਨੇਤਾ ਕਹਾਉਂਦੇ











